SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 36 | Tuesday, February 20, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਕੌਕਪਿੱਟ ਵਿੱਚ ਅੱਗ ਲੱਗਣ ਕਾਰਨ ਨਿਊ ਯੌਰਕ ਜਾ ਰਹੇ ਜਹਾਜ਼ ਨੂੰ ਟੋਰਾਂਟੋ ਪਰਤਣਾ ਪਿਆ




ਟੋਰਾਂਟੋ, 19 ਫਰਵਰੀ (ਪੋਸਟ ਬਿਊਰੋ) : ਇਸ ਮਹੀਨੇ ਦੇ ਸ਼ੁਰੂ ਵਿੱਚ ਟੋਰਾਂਟੋ ਤੋਂ ਨਿਊ ਯੌਰਕ ਜਾ ਰਹੇ ਜਹਾਜ਼ ਨੂੰ ਇਸ ਲਈ ਟੋਰਾਂਟੋ ਮੁੜਨਾ ਪਿਆ ਕਿਉਂਕਿ ਕੌਕਪਿੱਟ ਵਿੱਚੋਂ ਤਾਰਾਂ ਦੇ ਸੜਨ ਵਰਗੀ ਸਮੈੱਲ ਆ ਰਹੀ ਸੀ।

ਕੈਨੇਡਾ ਦੇ ਟਰਾਂਸਪੋਰਟੇਸ਼ਨ ਸੇਫਟੀ ਬੋਰਡ ਨੇ ਆਖਿਆ ਕਿ ਐਂਡੇਵਰ ਏਅਰ ਫਲਾਈਟ 4826 ਨੇ 3 ਫਰਵਰੀ ਦੀ ਸਵੇਰ ਨੂੰ ਟੋਰਾਂਟੋ ਦੇ ਪੀਅਰਸਨ ਇੰਟਰਨੈਸ਼ਨਲ ਏਅਰਪੋਰਟ ਤੋਂ ਉਡਾਨ ਭਰੀ। ਇਹ ਜਹਾਜ਼ ਨਿਊ ਯੌਰਕ ਦੇ ਜੇਐਫਕੇ ਏਅਰਪੋਰਟ ਲਈ ਰਵਾਨਾ ਹੋਇਆ ਸੀ ਜਦੋਂ ਫਲਾਈਟ ਕ੍ਰਿਊ ਨੇ ਐਮਰਜੰਸੀ ਐਲਾਨ ਦਿੱਤੀ।ਸੇਫਟੀ ਬੋਰਡ ਨੇ ਆਖਿਆ ਕਿ ਕ੍ਰਿਊ ਇਹ ਪਤਾ ਲਾਉਣ ਦੀ ਕੋਸਿ਼ਸ਼ ਕਰ ਰਿਹਾ ਸੀ ਕਿ ਬੰਬਾਰਡੀਅਰ ਟਵਿਨ ਇੰਜਣ ਵਾਲੇ ਜੈੱਟ ਦੇ ਕਿਸ ਹਿੱਸੇ ਵਿੱਚੋਂ

### ਜਹਾਜ਼ ਵਿੱਚ 74 ਲੋਕ ਸਵਾਰ ਸਨ

ਸਮੈੱਲ ਆ ਰਹੀ ਹੈ ਕਿ ਐਨੇ ਨੂੰ ਕੈਪਟਨ ਦੇ ਪਾਸੇ ਵਾਲੀ ਵਿੰਡਸ਼ੀਲਡ ਦੇ ਇਲੈਕਟ੍ਰੀਕਲ ਹੀਟਰ ਕੰਟਰੋਲ ਵਿੱਚੋਂ ਚਿੰਗਾੜੀਆਂ ਤੇ ਅੱਗ ਦੀਆਂ ਲਪਟਾਂ ਨਿਕਲਣ ਲੱਗੀਆਂ।

ਅਮਲੇ ਨੇ ਆਕਸੀਜਨ ਮਾਸਕ ਲਾਏ ਤੇ ਐਮਰਜੰਸੀ ਐਲਾਨਣ ਤੋਂ ਬਾਅਦ ਟੋਰਾਂਟੋ ਪਰਤਣ ਦਾ ਫੈਸਲਾ ਕੀਤਾ, ਜਿੱਥੇ ਜਹਾਜ਼ ਬਿਨਾਂ ਕਿਸੇ ਹਾਦਸੇ ਦੇ ਸਹੀ ਸਲਾਮਤ ਉਤਰ ਸਕਿਆ। ਉਨ੍ਹਾਂ ਦੱਸਿਆ ਕਿ ਚਿੰਗਾੜੀਆਂ ਤੇ ਅੱਗ ਦੀਆਂ ਲਪਟਾਂ ਨਿਕਲਣਾ ਉਸ ਸਮੇਂ ਬੰਦ ਹੋ ਗਿਆ ਜਦੋਂ ਫਲਾਈਟ ਕ੍ਰਿਊ ਨੇ ਵਿੰਡਸ਼ੀਲਡ ਦੀ ਹੀਟ ਬੰਦ ਕਰ ਦਿੱਤੀ। ਜਹਾਜ਼ ਵਿੱਚ 74 ਲੋਕ ਸਵਾਰ ਸਨ ਤੇ ਕਿਸੇ ਨੂੰ ਕਿਸੇ ਤਰ੍ਹਾਂ ਦੀ ਵੀ ਸੱਟ ਫੇਟ ਨਹੀਂ ਲੱਗੀ।

## ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਮਹਿਲਾ ਗੰਭੀਰ ਜ਼ਖ਼ਮੀ



ਟੋਰਾਂਟੋ, 19 ਫਰਵਰੀ (ਪੋਸਟ ਬਿਊਰੋ) : ਰੋਜ਼ਡੇਲ ਵਿੱਚ ਇੱਕ ਡਰਾਈਵਰ ਵੱਲੋਂ ਟੱਕਰ ਮਾਰੇ ਜਾਣ ਕਾਰਨ ਮਹਿਲਾ ਸਾਈਕਲਿਸਟ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਈ। ਇਸ ਸਮੇਂ ਉਹ ਹਸਪਤਾਲ ਵਿੱਚ ਜ਼ੇਰੇ ਇਲਾਜ ਹੈ।

ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਐਤਵਾਰ ਨੂੰ ਹਾਦਸੇ ਦੀ ਜਾਣਕਾਰੀ ਦੇ ਕੇ ਰਾਤੀਂ 8:30 ਵਜੇ ਤੋਂ ਪਹਿਲਾਂ ਬੇਅਵਿਊ ਐਵਨਿਊ ਤੇ ਬਲੂਅਰ ਸਟਰੀਟ ਇਲਾਕੇ ਵਿੱਚ ਸੱਦਿਆ ਗਿਆ। ਪੈਰਾਮੈਡਿਕਸ ਨੇ ਦੱਸਿਆ ਕਿ ਬਾਲਗ ਮਹਿਲਾ ਨੂੰ ਨਾਜ਼ੁਕ ਹਾਲਤ ਵਿੱਚ ਨੇੜਲੇ ਟਰੌਮਾ ਸੈਂਟਰ ਵਿੱਚ ਲਿਜਾਇਆ ਗਿਆ।

ਪੁਲਿਸ ਨੇ ਦੱਸਿਆ ਕਿ ਗੱਡੀ ਦਾ ਡਰਾਈਵਰ ਮੌਕੇ ਉੱਤੇ ਮੌਜੂਦ ਰਿਹਾ। ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

## ਯੂਕਰੇਨ ਨੂੰ 800 ਡਰੋਨਜ਼ ਡੋਨੇਟ ਕਰੇਗਾ ਕੈਨੇਡਾ : ਬਲੇਅਰ



ਓਟਵਾ, 19 ਫਰਵਰੀ (ਪੋਸਟ ਬਿਊਰੋ) : ਰੱਖਿਆ ਮੰਤਰੀ ਬਿੱਲ ਬਲੇਅਰ ਨੇ ਸੋਮਵਾਰ ਨੂੰ ਐਲਾਨ ਕੀਤਾ ਕਿ ਕੈਨੇਡਾ ਵੱਲੋਂ 800 ਡਰੋਨ ਯੂਕਰੇਨ ਨੂੰ ਡੋਨੇਟ ਕੀਤੇ ਜਾਣਗੇ।

ਇਨ੍ਹਾਂ ਡਰੋਨਜ਼ ਦੀ ਕੀਮਤ ਅੰਦਾਜ਼ਨ 95 ਮਿਲੀਅਨ ਡਾਲਰ ਬਣਦੀ ਹੈ ਤੇ ਪਿਛਲੇ ਸਾਲ ਜੂਨ ਵਿੱਚ ਕੀਵ ਦੇ ਦੌਰੇ ਦੌਰਾਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਯੂਕਰੇਨ ਨੂੰ ਜਿਹੜਾ 500 ਮਿਲੀਅਨ ਡਾਲਰ ਦਾ ਪੈਕੇਜ ਦੇਣ ਦਾ ਵਾਅਦਾ ਕੀਤਾ ਗਿਆ ਸੀ, ਇਹ ਉਸ ਦਾ ਹੀ ਹਿੱਸਾ ਹੋਣਗੇ। ਫਰਵਰੀ 2022 ਤੋਂ ਹੀ ਕੈਨੇਡਾ, ਯੂਕਰੇਨ ਦੀ ਮਦਦ ਲਈ 9.7 ਬਿਲੀਅਨ ਡਾਲਰ ਖਰਚ ਕਰ ਚੁੱਕਿਆ ਹੈ। ਇਸ ਵਿੱਚ 2.4 ਬਿਲੀਅਨ ਡਾਲਰ ਦੀ ਫੌਜੀ ਮਦਦ ਵੀ ਸ਼ਾਮਲ ਹੈ।

ਬਲੇਅਰ ਨੇ ਇੱਕ ਮੀਡੀਆ ਰਲੀਜ਼ ਵਿੱਚ ਆਖਿਆ ਕਿ ਇਨ੍ਹਾਂ ਡਰੋਨਜ਼ ਦੀ ਮਦਦ ਨਾਲ ਯੂਕਰੇਨ, ਰੂਸ ਖਿਲਾਫ ਆਪਣੇ ਡਿਫੈਂਸ ਨੂੰ ਹੋਰ ਮਜ਼ਬੂਤ ਕਰ ਸਕੇਗਾ। ਜਿੰਨੀ ਦੇਰ ਵੀ ਇਹ ਸੰਘਰਸ਼ ਚੱਲਦਾ ਹੈ ਕੈਨੇਡਾ, ਯੂਕਰੇਨ ਦੇ ਨਾਲ ਹੈ। ਸਕਾਇਰੇਂਜਰ ਆਰ 70 ਡਰੋਨਜ਼ ਕੈਨੇਡਾ ਵਿੱਚ ਤਿਆਰ ਕੀਤੇ ਜਾਂਦੇ ਹਨ ਤੇ ਇਨ੍ਹਾਂ ਨੂੰ ਵਾਟਰਲੂ, ਓਨਟਾਰੀਓ ਸਥਿਤ ਕੰਪਨੀ ਤਿਆਰ ਕਰਦੀ ਹੈ।ਇਹ ਆਪਣੇ ਨਾਲ ਕਈ ਤਰ੍ਹਾਂ ਦੇ ਕੈਮਰਾ ਸਿਸਟਮਜ਼ ਨੂੰ ਲਿਜਾ ਸਕਦੇ ਹਨ ਤੇ ਟਿਕਾਣਿਆਂ ਦੀ ਪਛਾਣ ਕਰ ਸਕਦੇ ਹਨ।

## ਹਾਈਵੇਅ 401 ਉੱਤੇ ਹੋਏ ਹਾਦਸੇ ਵਿੱਚ ਦੋ ਜ਼ਖ਼ਮੀ



ਸਕਾਰਬਰੋ, 19 ਫਰਵਰੀ (ਪੋਸਟ ਬਿਊਰੋ) : ਸਵੇਰੇ ਤੜ੍ਹਕੇ ਸਕਾਰਬਰੋ ਵਿੱਚ ਹਾਈਵੇਅ 401 ਉੱਤੇ ਪੱਛਮ ਵਾਲੀਆਂ ਲੇਨਜ਼ ਉੱਤੇ ਹੋਏ ਹਾਦਸੇ ਤੋਂ ਬਾਅਦ ਹਾਈਵੇਅ ਦੇ ਇਸ ਹਿੱਸੇ ਨੂੰ ਬੰਦ ਕਰ ਦਿੱਤਾ ਗਿਆ। ਇਹ ਜਾਣਕਾਰੀ ਪ੍ਰੋਵਿੰਸ਼ੀਅਲ ਪੁਲਿਸ ਨੇ ਦਿੱਤੀ।

ਇਹ ਹਾਦਸਾ ਸੋਮਵਾਰ ਸਵੇਰੇ ਬ੍ਰਿਮਲੇ ਰੋਡ ਉੱਤੇ ਵਾਪਰਿਆ। ਓਪੀਪੀ ਦੀ ਗੱਡੀ ਮੌਕੇ ਉੱਤੇ ਮੌਜੂਦ ਸੀ ਤੇ ਉਸ ਦੇ ਸਾਹਮਣੇ ਵਾਲੇ ਹਿੱਸੇ ਨੂੰ ਕਾਫੀ ਨੁਕਸਾਨ ਪਹੁੰਚਿਆ ਲੱਗ ਰਿਹਾ ਸੀ। ਪਰ ਇਹ ਪਤਾ ਨਹੀਂ ਲੱਗ ਸਕਿਆ ਕਿ ਹਾਦਸੇ ਵਿੱਚ ਓਪੀਪੀ ਦੀ ਇਹ ਗੱਡੀ ਵੀ ਸ਼ਾਮਲ ਸੀ ਜਾਂ ਨਹੀਂ। ਇਸ ਹਾਦਸੇ ਦੇ ਸਬੰਧ ਵਿੱਚ ਹੋਰ ਵੇਰਵੇ ਜਾਰੀ ਨਹੀਂ ਕੀਤੇ ਗਏ ਹਨ। ਪੈਰਾਮੈਡਿਕਸ ਨੇ ਦੱਸਿਆ ਕਿ ਮਾਮੂਲੀ ਜ਼ਖ਼ਮੀ ਹਾਲਤ ਵਿੱਚ ਦੋ ਬਾਲਗਾਂ ਨੂੰ ਹਸਪਤਾਲ ਲਿਜਾਇਆ ਗਿਆ।

## ਦੋ ਸਾਲਾਂ ਲਈ ਪ੍ਰਧਾਨ ਮੰਤਰੀ ਬਣਨ ਦੀ ਪੇਸ਼ਕਸ਼ ਕੀਤੀ, ਮਨਜ਼ੂਰ ਨਹੀਂ: ਬਿਲਾਵਲ ਭੁੱਟੋ



ਇਸਲਾਮਾਬਾਦ, 19 ਫਰਵਰੀ (ਪੋਸਟ ਬਿਊਰੋ): ਪਾਕਿਸਤਾਨ ਪੀਪਲਜ਼ ਪਾਰਟੀ (ਪੀਪੀਪੀ) ਦੇ ਚੇਅਰਮੈਨ ਬਿਲਾਵਲ ਭੁੱਟੋ ਜ਼ਰਦਾਰੀ ਨੇ ਇੱਕ ਸਿਆਸੀ ਰੈਲੀ ਵਿੱਚ ਨਵਾਜ਼ ਸ਼ਰੀਫ਼ ਦੀ ਪਾਰਟੀ ਪਾਕਿਸਤਾਨ ਮੁਸਲਿਮ ਲੀਗ ਨਵਾਜ਼ (ਪੀਐਮਐਲ-ਐਨ) ਨਾਲ ਚੱਲ ਰਹੀ ਗੱਲਬਾਤ ਦਾ ਜ਼ਿਕਰ ਕੀਤਾ। ਇਸ ਤੋਂ ਨਵਾਜ਼ ਸ਼ਰੀਫ਼ ਦੀ ਪਾਰਟੀ ਨਾਰਾਜ਼ ਹੈ।

ਬਿਲਾਵਲ ਨੇ ਐਤਵਾਰ ਨੂੰ ਇੱਕ ਰੈਲੀ ਵਿੱਚ ਕਿਹਾ ਕਿ ਪੀਐਮਐਲ-ਐਨ ਨੇ ਮੈਨੂੰ ਦੋ ਸਾਲਾਂ ਲਈ ਪ੍ਰਧਾਨ ਮੰਤਰੀ ਬਣਨ ਦੀ ਪੇਸ਼ਕਸ਼ ਕੀਤੀ ਸੀ। ਇਹ ਮੈਨੂੰ ਮਨਜ਼ੂਰ ਨਹੀਂ ਹੈ। ਜਦੋਂ ਵੀ ਮੈਂ ਪ੍ਰਧਾਨ ਮੰਤਰੀ ਬਣਾਂਗਾ, ਪਾਕਿਸਤਾਨ ਦੇ ਲੋਕ ਮੈਨੂੰ ਚੁਣਨਗੇ। ਬਿਲਾਵਲ ਦੇ ਇਸ ਬਿਆਨ ‘ਤੇ ਨਵਾਜ਼ ਦੀ ਪਾਰਟੀ ਦੇ ਸੀਨੀਅਰ ਆਗੂ ਇਸਹਾਕ ਡਾਰ ਨੇ ਕਿਹਾ-ਸਿਆਸੀ ਪਾਰਟੀਆਂ ਵਿਚਾਲੇ ਕੁਝ ਗੱਲਾਂ ਬੰਦ ਕਮਰਿਆਂ ‘ਚ ਤੈਅ ਹੁੰਦੀਆਂ ਹਨ। ਇਨ੍ਹਾਂ ਨੂੰ ਕਿਸੇ ਰੈਲੀ ਵਿੱਚ ਇਸ ਤਰ੍ਹਾਂ ਨਹੀਂ ਕਿਹਾ ਜਾਣਾ ਚਾਹੀਦਾ।

## ਅੰਡਰਵਰਲਡ ਡਾਨ ਆਮਿਰ ਬਲਾਜ਼ ਟੀਪੂ ਨੂੰ ਵਿਆਹ ਸਮਾਗਮ ’ਚ ਮਾਰੀ ਗੋਲੀ, ਹੋਈ ਮੌਤ



ਇਸਲਾਮਾਬਾਦ, 19 ਫਰਵਰੀ (ਪੋਸਟ ਬਿਊਰੋ): ਪਾਕਿਸਤਾਨ ਦੇ ਲਾਹੌਰ 'ਚ ਅੰਡਰਵਰਲਡ ਡਾਨ ਅਮੀਰ ਬਲਾਜ਼ ਟੀਪੂ ਦੀ ਹੱਤਿਆ ਕਰ ਦਿੱਤੀ ਗਈ ਸੀ। ਉਸ ਨੂੰ ਇੱਕ ਵਿਆਹ ਸਮਾਗਮ ਵਿੱਚ ਗੋਲੀ ਮਾਰ ਦਿੱਤੀ ਗਈ। ਇਸ ਦੌਰਾਨ ਹਮਲਾਵਰ ਵੀ ਮਾਰਿਆ ਗਿਆ। ਅਮੀਰ ਬਲਜ ਟੀਪੂ ਮਾਲ ਟਰਾਂਸਪੋਰਟੇਸ਼ਨ ਨੈੱਟਵਰਕ ਦਾ ਮਾਲਕ ਸੀ।

ਪਾਕਿਸਤਾਨੀ ਮੀਡੀਆ ਡਾਨ ਮੁਤਾਬਕ ਆਮਿਰ ਦਾ ਲਾਹੌਰ ਦੇ ਨਾਲ-ਨਾਲ ਪੂਰੇ ਪਾਕਿਸਤਾਨ 'ਚ ਵੀ ਰੁਤਬਾ ਸੀ। ਉਸ ਦੇ ਪਿਤਾ ਆਰਿਫ਼ ਆਮਿਰ ਅਤੇ ਦਾਦਾ ਬਿੱਲਾ ਟਰਕਾਂਵਾਲਾ ਵੀ ਗੈਂਗਸਟਰ ਸਨ। ਉਸ ਦੇ ਪਿਤਾ ਦੀ ਵੀ 2010 ਵਿੱਚ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ।

ਰਿਪੋਰਟਾਂ ਮੁਤਾਬਕ 18 ਫਰਵਰੀ ਨੂੰ ਲਾਹੌਰ ਦੇ ਚੁੰਗ ਇਲਾਕੇ 'ਚ ਇਕ ਵਿਆਹ ਸਮਾਗਮ ਦੌਰਾਨ ਬਲਾਜ ਟੀਪੂ ਨੂੰ ਅਣਪਛਾਤੇ ਹਮਲਾਵਰ ਨੇ ਗੋਲੀ ਮਾਰ ਦਿੱਤੀ ਸੀ। ਦੋ ਹੋਰ ਮਹਿਮਾਨਾਂ ਨੂੰ ਵੀ ਗੋਲੀ ਮਾਰ ਦਿੱਤੀ ਗਈ ਸੀ। ਉਹ ਗੰਭੀਰ ਜ਼ਖ਼ਮੀ ਹੋ ਗਿਆ।

ਅਮੀਰ ਬਲਾਜ਼ ਦਾ ਰੁਤਬਾ ਅਜਿਹਾ ਸੀ ਕਿ ਉਸ ਦੇ ਆਲੇ-ਦੁਆਲੇ ਬੰਦੂਕਾਂ ਨਾਲ ਹਮੇਸ਼ਾ ਪਹਿਰੇਦਾਰ ਹੁੰਦੇ ਸਨ। ਇਹ ਬਾਡੀਗਾਰਡ ਵੀ ਵਿਆਹ ਸਮਾਗਮ ਵਿੱਚ ਮੌਜੂਦ ਸਨ। ਹਮਲਾਵਰ ਵੱਲੋਂ ਗੋਲੀ ਚਲਾਉਣ ਤੋਂ ਬਾਅਦ ਇਨ੍ਹਾਂ ਗਾਰਡਾਂ ਨੇ ਵੀ ਜਵਾਬੀ ਕਾਰਵਾਈ ਕੀਤੀ। ਇਸ 'ਚ ਹਮਲਾਵਰ ਮਾਰਿਆ ਗਿਆ।

## ਪਾਸਪੋਰਟ ਰੈਂਕਿੰਗ ਜਾਰੀ: ਭਾਰਤ 85ਵੇਂ ਸਥਾਨ ’ਤੇ
### ਜਾਪਾਨ, ਸਿੰਗਾਪੁਰ, ਸਪੇਨ, ਫਰਾਂਸ, ਇਟਲੀ ਅਤੇ ਜਰਮਨੀ ਦਾ ਪਾਸਪੋਰਟ ਸਭਤੋਂ ਸ਼ਕਤੀਸ਼ਾਲੀ




ਨਵੀਂ ਦਿੱਲੀ, 19 ਫਰਵਰੀ (ਪੋਸਟ ਬਿਊਰੋ): ਭਾਰਤ ਦਾ ਪਾਸਪੋਰਟ ਕਮਜ਼ੋਰ ਹੁੰਦਾ ਨਜ਼ਰ ਆ ਰਿਹਾ ਹੈ। ਪਾਸਪੋਰਟ ਰੈਂਕਿੰਗ ਸੰਸਥਾ ਹੈਨਲੇ ਐਂਡ ਪਾਰਟਨਰਸ ਨੇ 2024 ਲਈ ਪਾਸ-ਪੋਰਟ ਇੰਡੈਕਸ ਜਾਰੀ ਕੀਤਾ ਹੈ।
ਭਾਰਤ ਰੈਂਕਿੰਗ 'ਚ 5 ਸਥਾਨ ਖਿਸਕ ਕੇ 85ਵੇਂ ਸਥਾਨ 'ਤੇ ਆ ਗਿਆ ਹੈ। 2023 'ਚ ਵੀ ਭਾਰਤ 80ਵੇਂ ਸਥਾਨ 'ਤੇ ਸੀ। ਹਾਲਾਂਕਿ ਪਿਛਲੇ ਸਾਲ ਦੇ ਮੁਕਾ-ਬਲੇ ਇਸ ਸਾਲ ਭਾਰਤੀ 5 ਹੋਰ ਦੇਸ਼ਾਂ ਦੀ ਵੀਜ਼ਾ ਮੁਫਤ ਯਾਤਰਾ ਕਰ ਸਕਦੇ ਹਨ। 2023 'ਚ ਭਾਰਤੀ ਬਿਨ੍ਹਾਂ ਵੀਜ਼ਾ ਦੇ 57 ਦੇਸ਼ਾਂ ਦੀ ਯਾਤਰਾ ਕਰ ਸਕਦੇ ਸਨ, ਜਦਕਿ ਇਸ ਸਾਲ ਇਹ ਅੰਕੜਾ 62 ਹੋ ਗਿਆ ਹੈ।

ਇਸ ਦੇ ਨਾਲ ਹੀ 6 ਦੇਸ਼ਾਂ ਕੋਲ ਦੁਨੀਆ ਦੇ ਸਭ ਤੋਂ ਸ਼ਕਤੀਸ਼ਾਲੀ ਪਾਸਪੋਰਟ ਹਨ। ਇਨ੍ਹਾਂ ਵਿੱਚ ਜਾਪਾਨ, ਸਿੰਗਾਪੁਰ, ਸਪੇਨ, ਫਰਾਂਸ, ਇਟਲੀ ਅਤੇ ਜਰਮਨੀ ਸ਼ਾਮਲ ਹਨ। ਇਹ ਰੈਂਕਿੰਗ ਇੰਟਰਨੈਸ਼ਨਲ ਏਅਰ ਟ੍ਰਾਂਸਪੋਰਟ ਐਸੋਸੀਏਸ਼ਨ (ਆਈਏਟੀਏ) ਦੇ ਅੰਕੜਿਆਂ 'ਤੇ ਆਧਾਰਿਤ ਹੈ।

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill Certified & Licenced Exterminator

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
CPAP ਮਸ਼ੀਨਾਂ, ਮਾਸਕ ਅਤੇ ਸਪਲਾਈ
ਮੁਫਤ ਸਲਾਹ
ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
ਓਨਟਾਰੀਓ ਵਰਕਸ ਲਈ ਮੁਫਤ
ਮੁਫਤ ਡਿਲੀਵਰੀ
(647) 954-9885
20 Maritime Ont Blvd Unit 15 Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਮੁਫਤ ਪਿਕਅਪ ਅਤੇ ਡਰਾਪ ਆਫ
ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500
ਬਲਵਿੰਦਰ

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੌਰਨੀ, ਹਲਫ਼ਨਾਮੇ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ।
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps
Cockroaches • Carpenter Ants • Silver Fish • Racoons
Call : PARESH PATEL
416 938 4598

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial Inc. Brokerage Lic. 12538
Cell: 416-841-4218 Tel: 905-216-5563
Harpreet Singh Goraya Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Business Law
Wills & Estates
Family Law
Power of Attorney
Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਲਾਈਆਂ ਬੈਠਕਾਂ, ਲੰਮੀ ਵਿਚਾਰ ਕਰ ਕੇ,
ਕਿਸਾਨਾਂ ਕੀਤੀ ਆ ਰੱਦ ਤਜਵੀਜ਼ ਬੇਲੀ।
ਮਗਰੋਂ ਬਹਿ ਕੇ ਵਿਚਾਰੇ ਗਏ ਪੱਖ ਸਾਰੇ,
ਕਿਹਾ ਤਜਵੀਜ਼ ਨਾ ਕੰਮ ਦੀ ਚੀਜ਼ ਬੇਲੀ।
ਲੱਗਦਾ ਉੱਤੋਂ ਕਿ ਬਹੁਤ ਸਰਕਾਰ ਦੇਂਦੀ,
ਸੁਆਦੀ ਪਕਵਾਨ ਦੇ ਵਾਂਗ ਲਜੀਜ਼ ਬੇਲੀ।
ਅੰਦਰੋਂ ਝਾਕ ਕੇ ਡਿੱਠਾ ਤਾਂਸਮਝ ਆਈ,
ਨੁੱਕਰੇ ਪਿਆ ਸੀ ਜ਼ਹਿਰ ਦਾ ਬੀਜ ਬੇਲੀ।
ਠੇਕੇਦਾਰੀ ਦਾ ਲੱਗੇ ਕੋਈ ਪਾਉਣ ਚੱਕਰ,
ਮੁਸੀਬਤ ਨਵੀਂ ਮਹਿਸੂਸ ਸੀ ਹੋਈ ਬੇਲੀ।
ਹੁੰਗਾਰਾ ਏਸ ਦਾ ਜਾਊਗਾ ਭਰਨ ਜਿਹੜਾ,
ਮਾਂਜਿਆ ਜਾਊਗਾ ਲੋਕਾਂ ’ਚੋਂ ਸੋਈ ਬੇਲੀ।

**ਤੀਸ ਮਾਰ ਖਾਂ**

# ਤਾਲਿਬਾਨ ਸਰਕਾਰ ਦਾ ਨਵਾਂ ਹੁਕਮ: ਜਿਉਂਦੇ ਬੰਦਿਆਂ ਅਤੇ ਜਾਨਵਰਾਂ ਦੀ ਫੋਟੋ ਖਿੱਚਣ ’ਤੇ ਪਾਬੰਦੀ



ਕੰਧਾਰ, 19 ਫਰਵਰੀ, (ਪੋਸਟ ਬਿਊਰੋ): ਤਾਲਿਬਾਨ ਹਮੇਸ਼ਾ ਹੀ ਫੁਰਮਾਨ ਜਾਰੀ ਕਰਨ ਨੂੰ ਲੈ ਕੇ ਚਰਚਾ ਵਿੱਚ ਰਹਿੰਦੇ ਹਨ। ਤਲਿਬਾਨ ਔਰਤਾਂ ਅਤੇ ਘੱਟ ਗਿਣਤੀਆਂ ਨੂੰ ਲੈ ਕੇ ਕਈ ਤਰ੍ਹਾਂ ਦੇ ਫੁਰਮਾਨ ਜਾਰੀ ਕਰਨ ਨੂੰ ਲੈ ਕੇ ਚਰਚਾ ਵਿੱਚ ਰਹਿੰਦੇ ਹਨ, ਹੁਣ ਇਕ ਹੋਰ ਅਜੀਬ ਹੁਕਮ ਜਾਰੀ ਕਰਦੇ ਹੋਏ ਜਿਉਂਦੇ ਵਿਅਕਤੀ ਅਤੇ ਜਾਨਵਰਾਂ ਦੀ ਫੋਟੋ ਖਿੱਚਣ ਉਤੇ ਰੋਕ ਲਗਾਈ ਹੈ।

ਫੌਜ ਅਤੇ ਸਿਵਿਲ ਅਫਸਰਾਂ ਨੂੰ ਹੁਕਮ ਜਾਰੀ ਕਰਦੇ ਹੋਏ ਕੰਧਾਰ ਦੀ ਤਾਲਿਬਾਨ ਸਰਕਾਰ ਨੇ ਕਿਹਾ ਕਿ ਜਿਉਂਦੇ ਲੋਕਾਂ ਅਤੇ ਜਾਨਵਰਾਂ ਦੀਆਂ ਫੋਟੋ ਖਿੱਚਣਾ ਗਲਤ ਹਨ। ਜੇਕਰ ਕੋਈ ਅਜਿਹਾ ਕਰਦਾ ਹੈ ਤਾਂ ਉਸ ਨੂੰ ਰੋਕਿਆ ਜਾਵੇ ਅਤੇ ਅਫਸਰ ਅਜਿਹਾ ਕਰਨਾ ਯਕੀਨੀ ਬਣਾਉਣਗੇ।

ਤਾਲਿਬਾਨ ਵੱਲੋਂ ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਜਿਉਂਦੇ ਲੋਕਾਂ ਦੀ ਫੋਟੋ ਜੇਕਰ ਖਿੱਚੀ ਜਾਂਦੀ ਹੈ ਤਾਂ ਉਨ੍ਹਾਂ ਨੂੰ ਹੋਰ ਸਾਮਾਨਾਂ ਦੇ ਮੁਕਾਬਲੇ ਜ਼ਿਆਦਾ ਨੁਕਸਾਨ ਪਹੁੰਚਦਾ ਹੈ। ਅਜਿਹੇ ਵਿੱਚ ਕਿਸੇ ਰਸ਼ਮੀ ਜਾਂ ਗੈਰ ਰਸਮੀ ਸੰਮੇਲਨਾਂ, ਮੀਟਿੰਗਾਂ ਅਤੇ ਹੋਰ ਪ੍ਰੋਗਰਾਮਾਂ ਵਿੱਚ ਲੋਕਾਂ ਦੀ ਫੋਟੋ ਨਾ ਖਿੱਚੀ ਜਾਵੇ। ਨਿਰਜੀਵ ਵਸਤੂਆਂ ਦੇ ਮੁਕਾਬਲੇ ਫੋਟੋ ਖਿੱਚਣ ਨਾਲ ਉਨ੍ਹਾਂ ਨੂੰ ਜ਼ਿਆਦਾ ਨੁਕਸਾਨ ਪਹੁੰਚਦਾ ਹੈ। ਇਹ ਨਿਯਮ ਸਰਕਾਰੀ ਆਯੋਜਨਾਂ ਉਤੇ ਵੀ ਲਾਗੂ ਹੋਵੇਗਾ ਅਤੇ ਕਿਸੇ ਵੀ ਮੀਟਿੰਗ ਆਦਿ ਦੀ ਫੋਟੋ ਨਹੀਂ ਲਈ ਜਾਵੇਗੀ। ਹਾਲਾਂ ਕਿ ਇਨ੍ਹਾਂ ਮੀਟਿੰਗਾਂ ਬਾਰੇ ਲਿਖਤੀ ਅਤੇ ਆਡੀਓ ਰਿਪੋਰਟ ਕੀਤੀ ਜਾ ਸਕਦੀ ਹੈ।

ਤਾਲਿਬਾਨ ਨੇ ਇਸਦਾ ਤਰਕ ਦਿੱਤਾ ਹੈ ਕਿ ਇਸਲਾਮਿਕ ਆਰਟ ਵਿੱਚ ਇਨਸਾਨਾਂ ਅਤੇ ਪਸ਼ੂਆਂ ਦੀ ਫੋਟੋ ਲੈਣ ਦੀ ਮਨਾਹੀ ਹੈ। ਕੰਧਾਰ ਦੇ ਗਵਰਨਰ ਦੇ ਬੁਲਾਰੇ ਨੇ ਇਸ ਬਾਰੇ ਦੱਸਿਆ ਕਿ ਅਜਿਹਾ ਹੁਕਮ ਜਾਰੀ ਕੀਤਾ ਗਿਆ ਹੈ। ਪ੍ਰੰਤੂ ਇਹ ਸਿਰਫ ਸਰਕਾਰੀ ਅਧਿਕਾਰੀਆਂ ਉਤੇ ਹੀ ਲਾਗੂ ਹੋਵੇਗਾ। ਜਦੋਂ ਕਿ ਇਹ ਫੈਸਲਾ ਆਮ ਲੋਕਾਂ ਅਤੇ ਆਜ਼ਾਦ ਮੀਡੀਆ ਉਤੇ ਲਾਗੂ ਨਹੀਂ ਹੈ।

# ਰਾਹੁਲ ਦੇ ਅਮੇਠੀ ਪਹੁੰਚਣ 'ਤੇ ਲੱਗੇ ਜੈ ਸ੍ਰੀ ਰਾਮ ਦੇ ਨਾਅਰੇ, ਕਾਂਗਰਸੀ ਵਰਕਰਾਂ ਨੇ ਲਾਰੇ 'ਸ਼ੇਰ ਆਇਆ, ਸ਼ੇਰ ਆਇਆ' ਦੇ ਨਾਅਰੇ



ਨਵੀਂ ਦਿੱਲੀ, 19 ਫਰਵਰੀ (ਪੋਸਟ ਬਿਊਰੋ): ਰਾਹੁਲ ਗਾਂਧੀ ਦੀ ਭਾਰਤ ਜੋੜੋ ਨਿਆ ਯਾਤਰਾ ਦਾ ਸੋਮਵਾਰ ਨੂੰ 37ਵਾਂ ਦਿਨ ਹੈ। ਯੂਪੀ ਵਿੱਚ ਯਾਤਰਾ ਦਾ ਇਹ ਚੌਥਾ ਦਿਨ ਹੈ। ਰਾਹੁਲ ਨੇ ਯਾਤਰਾ ਦੀ ਸ਼ੁਰੂਆਤ ਪ੍ਰਤਾਪਗੜ੍ਹ ਤੋਂ ਕੀਤੀ। ਇਸ ਤੋਂ ਬਾਅਦ ਉਹ ਆਪਣੇ ਪੁਰਾਣੇ ਸੰਸਦੀ ਖੇਤਰ ਅਮੇਠੀ ਪਹੁੰਚੇ। ਅਮੇਠੀ ਅਤੇ ਗੌਰੀਗੰਜ ਵਿੱਚ ਪਦਯਾਤਰਾ ਕੀਤੀ।

ਰਾਹੁਲ ਗਾਂਧੀ ਅਮੇਠੀ ਦੇ ਗੌਰੀਗੰਜ 'ਚ ਪੈਦਲ ਯਾਤਰਾ ਕਰ ਰਹੇ ਹਨ। ਦੂਜੇ ਪਾਸੇ ਇੱਥੇ ਦਰਜਨਾਂ ਨੌਜਵਾਨ ਜੈ ਸ੍ਰੀ ਰਾਮ, ਜੈ ਸ੍ਰੀ ਰਾਮ ਦੇ ਨਾਅਰੇ ਲਗਾਉਂਦੇ ਹੋਏ ਰਾਹੁਲ ਗਾਂਧੀ ਦੇ ਵਾਪਸ ਚਲੇ ਜਾਣ ਦੇ ਨਾਅਰੇ ਵੀ ਲਗਾ ਰਹੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਰਾਹੁਲ ਗਾਂਧੀ ਨੇ ਸ੍ਰੀ ਰਾਮ ਦੇ ਦਰਸ਼ਨ ਨਹੀਂ ਕੀਤੇ, ਇਸ ਲਈ ਅਸੀਂ ਉਨ੍ਹਾਂ ਤੋਂ ਨਾਰਾਜ਼ ਹਾਂ।

ਰਾਹੁਲ ਗਾਂਧੀ ਨੇ ਅਮੇਠੀ 'ਚ ਰਾਜੀਵ ਗਾਂਧੀ ਦੇ ਬੁੱਤ 'ਤੇ ਮਾਲਾ ਅਰਪਿਤ ਕੀਤੀ। ਇੱਥੇ ਵਰਕਰ ਇੰਨੇ ਉਤੇਜਿਤ ਹੋ ਗਏ, ਉਨ੍ਹਾਂ ਨੇ ‘ਸ਼ੇਰ ਆਇਆ, ਸ਼ੇਰ ਆਇਆ’ ਦੇ ਨਾਅਰੇ ਲਾਉਣੇ ਸ਼ੁਰੂ ਕਰ ਦਿੱਤੇ। ਰਾਹੁਲ ਇਸ ਸਮੇਂ ਅਮੇਠੀ ਦੀਆਂ ਸੜਕਾਂ 'ਤੇ ਰੋਡ ਸ਼ੋਅ ਕਰ ਰਹੇ ਹਨ।

16 ਫਰਵਰੀ ਨੂੰ ਨਿਆਯਾ ਯਾਤਰਾ ਚੰਦੌਲੀ ਤੋਂ ਯੂਪੀ ਵਿੱਚ ਦਾਖ਼ਲ ਹੋਈ ਸੀ। 17 ਫਰਵਰੀ ਨੂੰ ਰਾਹੁਲ ਨੇ ਕਾਸ਼ੀ ਵਿੱਚ 12 ਕਿਲੋਮੀਟਰ ਲੰਬਾ ਰੋਡ ਸ਼ੋਅ ਕੀਤਾ। ਇਹ ਯਾਤਰਾ 18 ਫਰਵਰੀ ਨੂੰ ਪ੍ਰਯਾਗਰਾਜ ਦੇ ਆਨੰਦ ਭਵਨ ਤੋਂ ਸ਼ੁਰੂ ਹੋਈ ਸੀ। ਲਕਸ਼ਮੀ ਟਾਕੀਜ਼ ਚੌਰਾਹੇ 'ਤੇ ਇਲਾਹਾਬਾਦ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਰਾਹੁਲ ਨੂੰ ਗੁਲਾਬ ਦੇ ਫੁੱਲ ਭੇਟ ਕੀਤੇ। ਰਾਹੁਲ ਨੇ ਮੌਮੈਮਾ ਸਕਰਾਮਾਊ ਪਿੰਡ 'ਚ ਰਾਤ ਨੂੰ ਆਰਾਮ ਕੀਤਾ।

ਨਿਆਏ ਯਾਤਰਾ ਦੁਪਹਿਰ 1 ਵਜੇ ਪ੍ਰਤਾਪਗੜ੍ਹ ਤੋਂ ਅਮੇਠੀ ਪਹੁੰਚੇਗੀ। ਰਾਹੁਲ ਕਈ ਥਾਵਾਂ 'ਤੇ ਪਦਯਾਤਰਾ ਵੀ ਕਰਨਗੇ। ਕੇਂਦਰੀ ਮੰਤਰੀ ਸਮ੍ਰਿਤੀ ਇਰਾਨੀ ਵੀ ਸੋਮਵਾਰ ਤੋਂ 4 ਦਿਨਾਂ ਦੌਰੇ 'ਤੇ ਆਪਣੇ ਸੰਸਦੀ ਖੇਤਰ ਅਮੇਠੀ 'ਚ ਹੋਣਗੇ।

# ਸ੍ਰੀ ਮੁਕਤਸਰ ਅਦਾਲਤ ਵਿਚ ਪੇਸ਼ ਨਹੀਂ ਹੋਏ ਮੁੱਖ ਮੰਤਰੀ ਭਗਵੰਤ ਮਾਨ

**ਸੁਖਬੀਰ ਬਾਦਲ ਨੇ ਕੀਤਾ ਸੀ 1 ਕਰੋੜ ਦਾ ਮਾਣਹਾਨੀ ਦਾ ਕੇਸ, 19 ਮਾਰਚ ਨੂੰ ਅਗਲੀ ਸੁਣਵਾਈ**



ਚੰਡੀਗੜ੍ਹ, 19 ਫਰਵਰੀ (ਪੋਸਟ ਬਿਊਰੋ): ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਬਾਦਲ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਿਰੁੱਧ ਸ੍ਰੀ ਮੁਕਤਸਰ ਸਾਹਿਬ ਦੀ ਅਦਾਲਤ ਵਿਚ ਦਾਇਰ ਮਾਣਹਾਨੀ ਦੇ ਕੇਸ ਦੀ ਅੱਜ ਸੁਣਵਾਈ ਹੋਈ। ਮੁੱਖ ਮੰਤਰੀ ਭਗਵੰਤ ਮਾਨ ਖੁਦ ਪੇਸ਼ ਨਹੀਂ ਹੋਏ। ਅਦਾਲਤ ਵਿੱਚ ਉਨ੍ਹਾਂ ਦੇ ਵਕੀਲ ਮੌਜੂਦ ਸਨ।ਇਸ ਤੋਂ ਬਾਅਦ ਅਦਾਲਤ ਨੇ ਮਾਮਲੇ ਦੀ ਅਗਲੀ ਸੁਣਵਾਈ 19 ਮਾਰਚ ਲਈ ਤੈਅ ਕੀਤੀ ਹੈ। ਮੁੱਖ ਮੰਤਰੀ ਨੂੰ ਅਗਲੀ ਸੁਣਵਾਈ 'ਤੇ ਪੇਸ਼ ਹੋਣ ਦੇ ਹੁਕਮ ਦਿੱਤੇ ਹਨ।


ਐਡਵੋਕੇਟ ਮਨਜਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਸੋਮਵਾਰ 19 ਫਰਵਰੀ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੁਕਤਸਰ ਅਦਾਲਤ ਵਿੱਚ ਪੇਸ਼ ਹੋਣਾ ਸੀ, ਜਿਸ ਲਈ ਉਨ੍ਹਾਂ ਨੂੰ ਸੰਮਨ ਮਿਲੇ ਸਨ। ਇਸੇ ਦੌਰਾਨ ਅੱਜ 19 ਫਰਵਰੀ ਦਿਨ ਸੋਮਵਾਰ ਨੂੰ ਵਕੀਲ ਇਕਬਾਲ ਸਿੰਘ ਬੁੱਟਰ ਨੇ ਇਮਪੀਰੀਅਸ ਦਾ ਮੈਮੋ ਦੇ ਕੇ ਅਦਾਲਤ ਵਿੱਚ ਆਪਣੀ ਹਾਜ਼ਰੀ ਦਰਜ ਕਰਵਾਈ ਹੈ। ਅਦਾਲਤ ਨੇ ਜਵਾਬ ਦਾਖ਼ਲ ਕਰਨ ਲਈ ਅਗਲੀ ਤਰੀਕ 19 ਮਾਰਚ ਦਿੱਤੀ ਹੈ।

# ਆਮ ਆਦਮੀ ਪਾਰਟੀ ਚੰਡੀਗੜ੍ਹ ਦੇ ਤਿੰਨ ਕੌਂਸਲਰ ਭਾਜਪਾ ਵਿਚ ਹੋਏ ਸ਼ਾਮਿਲ



ਚੰਡੀਗੜ੍ਹ, 19 ਫਰਵਰੀ (ਪੋਸਟ ਬਿਊਰੋ): ਆਮ ਆਦਮੀ ਪਾਰਟੀ ਚੰਡੀਗੜ੍ਹ ਦੇ ਤਿੰਨ ਕੌਂਸਲਰ ਪੂਨਮ ਦੇਵੀ, ਨੇਹਾ ਮੁਸਾਵਤ ਅਤੇ ਗੁਰਚਰਨ ਕਾਲਾ ਦਿੱਲੀ ਵਿੱਚ ਪਾਰਟੀ ਦੇ ਕੌਮੀ ਜਨਰਲ ਸਕੱਤਰ ਵਿਨੋਦ ਤਾਵੜੇ ਦੀ ਮੌਜੂਦਗੀ ਵਿੱਚ ਭਾਜਪਾ ਵਿੱਚ ਸ਼ਾਮਲ ਹੋ ਗਏ। ਇਸ ਦੇ ਨਾਲ ਹੀ ਭਾਜਪਾ ਦੇ ਨਵੇਂ ਚੁਣੇ ਗਏ ਮੇਅਰ ਮਨੋਜ ਸੋਨਕਰ ਨੇ ਮੇਅਰ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਹੁਣ ਚੰਡੀਗੜ੍ਹ ਵਿੱਚ ਮੇਅਰ ਦੀ ਚੋਣ ਮੁੜ ਹੋਣੀ ਲਗਭਗ ਤੈਅ ਹੈ। ਚੰਡੀਗੜ੍ਹ ਵਿੱਚ 30 ਜਨਵਰੀ ਨੂੰ ਹੋਈਆਂ ਮੇਅਰ ਚੋਣਾਂ ਤੋਂ ਬਾਅਦ ਲਗਾਤਾਰ ਵਿਵਾਦ ਸ਼ੁਰੂ ਹੋ ਗਿਆ ਸੀ। ਇਸੇ ਦਿਨ ਹੀ ਵਿਰੋਧੀ ਧਿਰ ਦੇ ਉਮੀਦਵਾਰ ਕੁਲਦੀਪ ਕੁਮਾਰ ਦੀ ਤਰਫੋਂ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਚੋਣਾਂ ਵਿਰੁੱਧ ਪਟੀਸ਼ਨ ਦਾਇਰ ਕੀਤੀ ਗਈ ਸੀ। 31 ਜਨਵਰੀ ਨੂੰ ਸੁਣਵਾਈ ਤੋਂ ਬਾਅਦ ਹਾਈਕੋਰਟ ਨੇ ਵਿਰੋਧੀ ਧਿਰ ਨੂੰ ਕੋਈ ਰਾਹਤ ਦਿੱਤੇ ਬਿਨਾਂ ਅਗਲੀ ਸੁਣਵਾਈ ਦੀ ਤਾਰੀਖ਼ 26 ਫਰਵਰੀ ਤੈਅ ਕਰ ਦਿੱਤੀ। ਇਸ ਤੋਂ ਬਾਅਦ ਵਿਰੋਧੀ ਧਿਰ ਮਾਮਲੇ ਨੂੰ ਲੈ ਕੇ ਸੁਪਰੀਮ ਕੋਰਟ ਪਹੁੰਚ ਗਈ। ਜਿਸ ਦੀ ਸੁਣਵਾਈ 5 ਫਰਵਰੀ ਨੂੰ ਹੋਈ ਸੀ। ਇਸ ਦੌਰਾਨ ਵਿਰੋਧੀ ਧਿਰ ਲਗਾਤਾਰ ਮੇਅਰ ਚੋਣਾਂ ਨੂੰ ਲੈ ਕੇ ਭਾਜਪਾ ਨੂੰ ਘੇਰਨ ‘ਚ ਲੱਗੀ ਹੋਈ ਸੀ।

# ਪਟਿਆਲਾ ਵਿਚ ਧਰਨੇ ਦੌਰਾਨ ਇੱਕ ਕਿਸਾਨ ਦੀ ਮੌਤ



ਚੰਡੀਗੜ੍ਹ, 19 ਫਰਵਰੀ (ਪਸਟ ਬਿਊਰੋ): ਆਪਣੀਆਂ ਮੰਗਾਂ ਨੂੰ ਲੈ ਕੇ ਕਿਸਾਨ ਅੰਦੋਲਨ ਕਰ ਰਹੇ ਹਨ, ਇਸ ਦੌਰਾਨ ਅੰਦੋਲਨ ਦੌਰਾਨ ਪਟਿਆਲਾ ਵਿਖੇ ਕਿਸਾਨਾਂ ਵੱਲੋਂ ਲਾਏ ਧਰਨੇ ‘ਚ ਇੱਕ ਹੋਰ ਕਿਸਾਨ ਦੀ ਮੌਤ ਹੋਣ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਹੁਣ ਤੱਕ ਇਸ ਕਿਸਾਨ ਅੰਦੋਲਨ ‘ਚ ਤਿੰਨ ਕਿਸਾਨਾਂ ਦੀ ਮੌਤ ਹੋ ਚੁੱਕੀ ਹੈ।

ਜਾਣਕਾਰੀ ਮੁਤਾਬਕ ਪਟਿਆਲਾ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਦਿੱਤੇ ਜਾ ਰਹੇ ਧਰਨੇ ਦੌਰਾਨ ਮੌਤ ਹੋ ਗਈ । ਮ੍ਰਿਤਕ ਕਿਸਾਨ ਦੀ ਪਛਾਣ ਪਿੰਡ-ਇਕਾਈ ਬਠੋਈ ਕਲਾਂ ਦੇ ਨਰਿੰਦਰ ਪਾਲ ਪੁੱਤਰ ਰਾਮ ਰਤਨ ਵਜੋਂ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ ਬੀਤੀ ਸ਼ਾਮ ਕੈਪਟਨ ਦੇ ਮਹਿਲ ਅੱਗੇ ਲੱਗੇ ਮੋਰਚੇ ਤੋਂ ਘਰ ਵਾਪਸ ਪਰਤਦਿਆ ਉਕਤ ਕਿਸਾਨ ਦੀ ਅਚਾਨਕ ਸਿਹਤ ਵਿਗੜ ਗਈ, ਉਸ ਤੋਂ ਬਾਅਦ ਇਲਾਜ਼ ਲਈ ਜਦੋਂ ਰਾਜਿੰਦਰਾ ਹਸਪਤਾਲ, ਪਟਿਆਲਾ ਵਿਖੇ ਲਿਆਂਦਾ ਗਿਆ ਤਾਂ ਤਕਰੀਬਨ 10:30 ਵਜੇ ਸਾਥੀ ਨੂੰ ਡਾਕਟਰਾਂ ਨੇ ਉਕਤ ਕਿਸਾਨ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ ਗਿਆ।

# ਸਪੀਕਰ ਸੰਧਵਾਂ ਨੇ ਕਿਹਾ: ਲੋਕਾਂ ਦਾ ਪੈਸਾ ਲੋਕਾਂ ਦੇ ਕੰਮਾਂ ’ਤੇ ਲਗਾਉਣ ਦਾ ਸਿਲਸਿਲਾ ਜਾਰੀ ਰਹੇਗਾ




ਚੰਡੀਗੜ੍ਹ 19 ਫ਼ਰਵਰੀ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਕਿਹਾ ਕਿ ਲੋਕਾਂ ਦਾ ਪੈਸਾ ਲੋਕਾਂ ਦੇ ਕੰਮਾਂ ਤੇ ਲਗਾਉਣ ਦਾ ਸਿਲਸਿਲਾ ਬਾਦਸਤੂਰ ਜਾਰੀ ਰਹੇਗਾ। ਦੁਆਰੇਆਣਾ ਰੋਡ ਵਿਖੇ ਇੱਕ ਨਕਾਰਾ ਹੋ ਚੁੱਕੀ ਪਾਈਪ ਲਾਈਨ ਦੀ ਜਗ੍ਹਾ ਨਵੀਂ ਪਾਈਪ ਲਾਈਨ ਵਿਛਾਉਣ ਦੇ ਕੰਮ ਦੀ ਸ਼ੁਰੂਆਤ ਕਰਨ ਉਪਰੰਤ ਸਪੀਕਰ ਸੰਧਵਾਂ ਨੇ ਕਿਹਾ ਕਿ ਇਹ ਕੰਮ 60 ਦਿਨਾਂ ਵਿੱਚ ਮੁਕੰਮਲ ਕਰਵਾ ਲਿਆ ਜਾਵੇਗਾ।

ਇਸ ਮੌਕੇ ਬੋਲਦਿਆਂ ਉਹਨਾਂ ਕਿਹਾ ਕਿ ਤਕਰੀਬਨ ਡੇਢ ਕਿਲੋਮੀਟਰ ਲੰਮੀ ਪਾਈਪ ਦੇ ਖਰਾਬ ਹੋਣ ਕਾਰਨ ਲੋਕਾਂ ਨੂੰ ਦੂਸ਼ਿਤ ਪਾਣੀ ਪ੍ਰਾਪਤ ਹੋ ਰਿਹਾ ਸੀ, ਜਿਸ ਤੇ ਕਾਰਵਾਈ ਕਰਦਿਆਂ ਪੰਜਾਬ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਨੂੰ ਧਨ ਰਾਸ਼ੀ ਮੁਹਈਆ ਕਰਵਾਈ ਗਈ ਤਾਂ ਜੋ ਲੋਕਾਂ ਤੱਕ ਸਾਫ ਪਾਣੀ ਪਹੁੰਚਾਇਆ ਜਾ ਸਕੇ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਸਵਾ ਕਰੋੜ ਰੁਪਏ ਜਾਰੀ ਕੀਤੇ ਗਏ ਹਨ ਜਿਸ ਵਿੱਚੋਂ 71.74 ਲੱਖ ਪਾਈਪ ਲਾਈਨ ਤੇ ਖਰਚ ਕੀਤੇ ਗਏ ਹਨ ਤੇ ਬਾਕੀ ਦੇ ਸੜਕ ਬਣਾਉਣ ਦੇ ਕੰਮ ਤੇ ਲਗਾਏ ਜਾਣਗੇ। ਉਹਨਾਂ ਕਿਹਾ ਕਿ ਇਸ ਪਾਈਪ ਲਾਈਨ ਨਾਲ ਦੁਆਰੇਆਣਾ ਰੋਡ ਦੇ ਨਾਲ ਆਸ-ਪਾਸ ਦੇ ਵਸਨੀਕਾਂ ਨੂੰ ਵੀ ਲਾਭ ਪੁੱਜੇਗਾ।

ਇਸ ਮੌਕੇ ਐਕਸੀਅਨ ਸ਼ਮਿੰਦਰ ਸਿੰਘ, ਐਸ.ਡੀ.ਓ ਲਵਕੇਸ਼ ਕੁਮਾਰ,ਅਮਨਦੀਪ ਸਿੰਘ ਸੰਧੂ ਪੀ.ਏ ਟੂ. ਸਪੀਕਰ, ਗੁਰਨਾਮ ਸਿੰਘ ਸੰਧੂ, ਗੁਰਜੰਟ ਸਿੰਘ ਸੰਧੂ, ਦੀਪਕ ਮੌਂਗਾ, ਸੁਖਜਿੰਦਰ ਸਿੰਘ, ਮਨਦੀਪ ਮੌਂਗਾ, ਸੁਖਰਾਜ ਸਿੰਘ, ਮਨਜਿੰਦਰ ਸਿੰਘ, ਸੁਤੰਤਰ ਜੋਸ਼ੀ ਅਤੇ ਹੋਰ ਇਲਾਕਾ ਨਿਵਾਸੀ ਹਾਜ਼ਰ ਸਨ।


**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**



**SherGill Law Firm**
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca





**TAX & ACCOUNTING**
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9





ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
* How your spouse can join you within 4-6 months
* How your parents can join you
* How students & skilled people can come to Canada
* How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com







ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com






# ਮਿਊਨਿਖ ਸੁਰੱਖਿਆ ਕਾਨਫਰੰਸ ਵਿ ਜੈਵੀਰ ਸ਼ੇਰਗਿੱਲ ਨੇ ਕਿਹਾ: ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿਚ ਭਾਰਤ ਦਾ ਸਨਮਾਨ ਹੁਣ ਤੱਕ ਦੇ ਸਭ ਤੋਂ ਉੱਚੇ ਪੱਧਰ ’ਤੇ

ਚੰਡੀਗੜ੍ਹ, 19 ਫਰਵਰੀ (ਪੋਸਟ ਬਿਊਰੋ): ਭਾਜਪਾ ਦੇ ਕੌਮੀ ਬੁਲਾਰੇ ਜੈਵੀਰ ਸ਼ੇਰਗਿੱਲ ਨੂੰ 16 ਤੋਂ 18 ਫਰਵਰੀ ਤੱਕ ਜਰਮਨੀ ਦੇ ਮਿਊਨਿਖ ਸ਼ਹਿਰ ਵਿੱਚ ਹੋਈ ਤਿੰਨ-ਰੋਜ਼ਾ ਮਿਊਨਿਖ ਸੁਰੱਖਿਆ ਕਾਨਫਰੰਸ ਵਿੱਚ ਸੱਦਾ ਦਿੱਤਾ ਗਿਆ, ਜਿਸ ਦੌਰਾਨ ਉਨ੍ਹਾਂ ਤਿੰਨ ਤੋਂ ਚਾਰ ਅਹਿਮ ਪ੍ਰੋਗਰਾਮਾਂ ਬਾਰੇ ਗੱਲਬਾਤ ਕੀਤੀ। ਇਸ ਕਾਨਫਰੰਸ ਵਿੱਚ ਦੁਨੀਆ ਭਰ ਦੇ ਡਿਪਲੋਮੈਟਾਂ, ਆਗੂਆਂ ਅਤੇ ਨੀਤੀ ਨਿਰਮਾਤਾਵਾਂ ਨੇ ਹਿੱਸਾ ਲਿਆ।

ਕਾਨਫਰੰਸ ਵਿੱਚ ਮੌਜੂਦ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਵਿਸ਼ਵ ਦੇ ਵੱਖ-ਵੱਖ ਦੇਸ਼ਾਂ ਦੇ ਪ੍ਰਧਾਨ ਮੰਤਰੀਆਂ ਅਤੇ ਰਾਸ਼ਟਰਪਤੀਆਂ ਸਮੇਤ ਭਾਰਤ ਦੇ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ, ਅਮਰੀਕਾ ਦੇ ਉਪ ਰਾਸ਼ਟਰਪਤੀ ਕਮਲਾ ਹੈਰਿਸ, ਚੀਨ ਦੇ ਵਿਦੇਸ਼ ਮੰਤਰੀ ਵਾਂਗ ਯੀ, ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ, ਯੂਕਰੇਨ ਦੇ ਵਿਦੇਸ਼ ਮੰਤਰੀ ਦਮਿਤਰੋ ਕੁਲੇਬਾ ਅਤੇ ਗੂਗਲ ਦੇ ਸੀਈਓ ਸੁੰਦਰ ਪਿਚਾਈ ਵੀ ਮੌਜੂਦ ਸਨ।

ਕਾਨਫਰੰਸ ਦੌਰਾਨ ਸ਼ੇਰਗਿੱਲ ਨੇ ਕਿਹਾ ਕਿ ਇਹ ਸਪੱਸ਼ਟ ਹੈ ਕਿ ਅੱਜ ਦੁਨੀਆ ਇਹ ਜਾਣਨ ਲਈ ਉਤਸੁਕ ਹੈ ਕਿ ਕਿਵੇਂ ਭਾਰਤ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਸਭ ਤੋਂ ਤੇਜ਼ੀ ਨਾਲ ਵਧ ਰਹੀ ਅਰਥ ਵਿਵਸਥਾ ਬਣ ਗਿਆ ਹੈ ਅਤੇ ਕਿਵੇਂ ਮਹਾਂਮਾਰੀ ਅਤੇ ਹੋਰ ਰੁਕਾਵਟਾਂ ਦੇ ਬਾਵਜੂਦ ਭਾਰਤ ਨਿਵੇਸ਼ ਦਾ ਕੇਂਦਰ ਬਣ ਗਿਆ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿੱਚ ਭਾਰਤ ਦੇ ਵਿਕਾਸ ਦੇ ਰਾਹ ਬਾਰੇ ਕਾਨਫਰੰਸ ਵਿੱਚ ਸਪਸ਼ਟ ਤੌਰ ’ਤੇ ਸਨਮਾਨ ਅਤੇ ਉਤਸੁਕਤਾ ਸੀ। ਸ਼ੇਰਗਿੱਲ ਨੇ ਦੱਸਿਆ ਕਿ ਕਾਨਫਰੰਸ ਦੌਰਾਨ ਵਿਸ਼ਵ ਭਰ ਵਿੱਚ ਚੱਲ ਰਹੇ ਮੁੱਦਿਆਂ ’ਤੇ ਵੀ ਚਰਚਾ ਕੀਤੀ ਗਈ। ਸ਼ੇਰਗਿੱਲ ਨੇ ਵਿਸਥਾਰ ਨਾਲ ਦੱਸਿਆ ਕਿ ਕਿਸ ਤਰ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੱਖ-ਵੱਖ ਦੇਸ਼ਾਂ ਨੂੰ ਮਹੱਤਵਪੂਰਨ ਮੁੱਦਿਆਂ ‘ਤੇ ਹੱਲ ਮੁਹੱਈਆ ਕਰਵਾ ਕੇ ਭਾਰਤ ਨੂੰ ਦੁਨੀਆ ਦਾ ਮਿੱਤਰ ਬਣਾਉਣ ਤੋਂ ਇਲਾਵਾ, ਸਭ ਤੋਂ ਤੇਜ਼ੀ ਨਾਲ ਵਧ ਰਹੀ ਅਰਥਵਿਵਸਥਾ ਵਿੱਚ ਤਬਦੀਲ ਕੀਤਾ ਹੈ। ਇਸ ਦੌਰਾਨ ਸ਼ੇਰਗਿੱਲ ਨੇ ਆਪਣੇ ਸੰਬੋਧਨ ਵਿੱਚ ਸਪਲਾਈ ਚੇਨ ਰਿਸਾਈਲੇਂਸ ਦੇ ਸਬੰਧ ਵਿੱਚ ਭਾਰਤ ਦੀ ਪਹੁੰਚ ਬਾਰੇ ਵੀ ਗੱਲ ਕੀਤੀ। ਉਨ੍ਹਾਂ ਇਸ ਮੌਕੇ ਹਾਜ਼ਰ ਲੋਕਾਂ ਨੂੰ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਨਾ ਸਿਰਫ਼ ਨਿਵੇਸ਼ ਦਾ ਕੇਂਦਰ ਬਣਨ ਵੱਲ ਧਿਆਨ ਦੇ ਰਿਹਾ ਹੈ, ਸਗੋਂ ਮਜ਼ਬੂਤ ਸਪਲਾਈ ਲੜੀ ਬਣਾ ਕੇ ਪੂਰੇ ਖੇਤਰ ਦੀ ਤਰੱਕੀ ਲਈ ਕੰਮ ਕਰ ਰਿਹਾ ਹੈ।



ਇਸ ਮੌਕੇ ‘ਤੇ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ਼ੇਰਗਿੱਲ ਨੇ ਇਸ ਗੱਲ ‘ਤੇ ਵੀ ਜ਼ੋਰ ਦਿੱਤਾ ਕਿ ਇੰਡੋ-ਪੈਸੀਫਿਕ ਇਕਨਾਮਿਕ ਫਰੇਮਵਰਕ (ਆਈਪੀਈਐਫ), ਰਿਸਪਾਂਸੀਬਲ ਸਪਲਾਈ ਚੇਨ ਇਨੀਸ਼ੀਏਟਿਵ (ਆਰਐਸਸੀਆਈ), ਇੰਡੀਆ ਮਿਡਲ ਈਸਟ ਯੂਰੋਪ ਇਕੋਨੋਮਿਕ ਕੋਰੀਡੋਰ (ਆਈਐਮਈਆਈ ਕੋਰੀਡੋਰ), ਇੰਡੋ-ਪੈਸੀਫਿਕ ਅਲਾਇੰਸ, ਫ੍ਰੀ ਟਰੇਡ ਅਲਾਇੰਸ (ਐਫਟੀਏ) ‘ਤੇ ਹਸਤਾਖਰ ਕਰਨ ਸਣੇ ਪ੍ਰੋਡਕਸ਼ਨ ਲਿਕਵਿਡ ਇਨਸੇਂਟਿਵ (ਪੀਐਲਆਈ ਸਕੀਮਾਂ), ਬੁਨਿਆਦੀ ਢਾਂਚੇ ਤੇ ਖਰਚ ਅਤੇ ਮੇਕ ਇਨ ਇੰਡੀਆ ਵਰਗੀਆਂ ਘਰੇਲੂ ਪਹਿਲਕਦਮੀਆਂ ਭਾਰਤ ਦੀ ਵਿਕਾਸ ਦਰ ਵਿਚ ਤੇਜ਼ੀ ਲਿਆ ਰਹੀਆਂ ਹਨ ਅਤੇ ਸਪਲਾਈ ਚੇਨ ਦੀਆਂ ਕਮਜ਼ੋਰੀਆਂ ਦੂਰ ਕਰ ਰਹੀਆਂ ਹਨ।

ਸ਼ੇਰਗਿੱਲ ਨੇ ਆਪਣੇ ਸੰਬੋਧਨ ‘ਚ ਇਹ ਵੀ ਕਿਹਾ ਕਿ ਨੇਬਰਹੁੱਡ ਫਸਟ ਨੀਤੀ ‘ਤੇ ਜ਼ੋਰ ਦਿੰਦਿਆਂ, ਇੰਡੋ-ਪੈਸੀਫਿਕ ‘ਚ ਨੇਟ-ਸੁਰੱਖਿਆ ਪ੍ਰਦਾਨ ਕਰਨ ਵਾਲਾ ਬਣ ਕੇ ਅਤੇ ਮੱਧ ਪੂਰਬ ਤੇ ਪੱਛਮ ਨਾਲ ਮਿਲ ਕੇ ਕੰਮ ਕਰਨ ਨਾਲ ਭਾਰਤ ਸਾਰੇ ਖੇਤਰਾਂ ‘ਚ ਫਰੰਟ ਫੁੱਟ ‘ਤੇ ਅੱਗੇ ਵਧ ਰਿਹਾ ਹੈ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਭਾਰਤ ਦੀ ਵਿਦੇਸ਼ ਨੀਤੀ ਕਿਸੇ ਦਾ ਪੱਖ ਲੈਣ ਬਾਰੇ ਨਹੀਂ ਹੈ, ਸਗੋਂ ਰਣਨੀਤਕ ਖੁਦਮੁਖਤਿਆਰੀ ਤੇ ਦੂਰੀਆਂ ਨੂੰ ਮਿਟਾਉਣ ਦੀ ਹੈ।

ਸ਼ੇਰਗਿੱਲ ਨੇ ਜ਼ੋਰ ਦਿੰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦਾ ਸੰਦੇਸ਼ ਸਪੱਸ਼ਟ ਹੈ ਕਿ ਭਾਰਤ ਸ਼ਾਂਤੀ, ਕਾਨੂੰਨ ਦੇ ਸ਼ਾਸਨ, ਤਰੱਕੀ ਅਤੇ ਸਵੱਛ ਵਾਤਾਵਰਣ ਦੇ ਹੱਕ ਵਿੱਚ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੇ ਯਤਨਾਂ ਸਦਕਾ ਵਿਸ਼ਵ ਵਿੱਚ ਭਾਰਤ ਦਾ ਸਨਮਾਨ ਸਭ ਤੋਂ ਉੱਚੇ ਪੱਧਰ ‘ਤੇ ਪਹੁੰਚ ਗਿਆ ਹੈ। ਉਨ੍ਹਾਂ ਕਿਹਾ ਕਿ ਹੁਣ ਭਾਰਤ ਕੈਂਪ ਫਾਲੋਅਰ ਬਣਨ ਦੀ ਬਜਾਏ ਏਜੰਡਾ ਸੇਟਰ ਬਣ ਗਿਆ ਹੈ। ਉਨ੍ਹਾਂ ਨੇ ਮੋਦੀ ਦੀ ਅਗਵਾਈ ਵਿੱਚ ਭਾਰਤ ਦੇ ਬੇਮਿਸਾਲ ਆਰਥਿਕ ਵਿਕਾਸ ਅਤੇ ਗਲੋਬਲ ਸਾਊਥ ਦੀ ਆਵਾਜ਼ ਵਜੋਂ ਇਸਦੇ ਉਭਰਨ ਬਾਰੇ ਵੀ ਗੱਲ ਕੀਤੀ।

## ਲੋੜਵੰਦ ਲੜਕੀਆਂ ਦੀ ਸਿੱਖਿਆ ਲਈ ਡਾ. ਹਰਸ਼ ਚੈਰੀਟੇਬਲ ਟਰੱਸਟ ਨੇ ਇੱਕ ਲੱਖ ਰੁਪਏ ਦੇ ਚੈੱਕ ਵੰਡੇ




ਪਟਿਆਲਾ, 19 ਫਰਵਰੀ (ਗਿਆਨ ਸਿੰਘ): ਡਾ. ਹਰਸ਼ ਚੈਰੀਟੇਬਲ ਟਰੱਸਟ ਵਲੋਂ ਪਿਛਲੇ 16 ਸਾਲਾਂ ਤੋਂ ਪੰਜਾਬੀ ਕਿਸਾਨਾਂ ਦੀਆਂ ਗ਼ਰੀਬ ਧੀਆਂ ਦੀ ਸਿੱਖਿਆ ਲਈ ਸਹਾਇਤਾ ਦੇ ਚੈੱਕ ਵੰਡੇ ਜਾ ਰਹੇ ਹਨ। ਇਸ ਦੀ ਸੁਰੂਆਤ 2008 ਵਿੱਚ 20 ਕੁੜੀਆਂ ਨਾਲ ਹੋਈ ਸੀ, ਹੁਣ ਇਹ ਗਿਣਤੀ 431 ਹੋ ਗਈ ਹੈ। ਇਸ ਟਰੱਸਟ ਨਾਲ ਮਦਦ ਲੈ ਰਹੀਆਂ ਸਾਰੀਆਂ ਕੁੜੀਆਂ ਆਪਣੇ ਘਰਾਂ ਦੇ ਨੇੜੇ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਾਈ ਕਰ ਰਹੀਆਂ ਹਨ। ਇਹਨਾਂ ਕੁੜੀਆਂ ਦਾ ਸਬੰਧ ਪੰਜਾਬ ਦੇ ਵੱਖ-ਵੱਖ ਜਿਲਿਆਂ ਫਿਰੋਜ਼ਪੁਰ, ਪਠਾਨਕੋਟ, ਅੰਮ੍ਰਿਤਸਰ, ਤਰਨ ਤਾਰਨ, ਕਪੂਰਥਲਾ, ਜਗਰਾਓਂ, ਗੁਰਦਾਸਪੁਰ, ਪਟਿਆਲਾ, ਜਲੰਧਰ, ਨਵਾਂ ਸ਼ਹਿਰ ਨਾਲ ਹਨ। ਅੱਜ ਦੇ ਸਮਾਗਮ ਵਿੱਚ 30 ਲੜਕੀਆਂ ਨੂੰ ਇੱਕ ਲੱਖ ਦੇ ਚੈੱਕ ਵੰਡੇ ਗਏ। ਇਸ ਮੌਕੇ ਸੰਸਥਾ ਦੇ ਪ੍ਰਧਾਨ ਡਾ: ਹਰਸ਼ਿੰਦਰ ਕੌਰ ਅਤੇ ਜਨਰਲ ਸਕੱਤਰ ਡਾ: ਗੁਰਪਾਲ ਸਿੰਘ ਨੇ ਟਰੱਸਟ ਨੂੰ ਜਾਰੀ ਰੱਖਣ ਵਿੱਚ ਸਹਿਯੋਗਆਂ ਦਾ ਧੰਨਵਾਦ ਕੀਤਾ। ਡਾ. ਹਰਸ਼ਿੰਦਰ ਕੌਰ ਨੇ ਅਪੀਲ ਕੀਤੀ ਕਿ ਜੇ ਕੋਈ ਵੀ ਵਿਅਕਤੀ ਸਿੱਖਿਆ ਲਈ ਵਿਸ਼ਵਾਸ ਰਾਹੀਂ ਮਦਦ ਕਰਨਾ ਚਾਹੁੰਦਾ ਹੈ ਜਾਂ ਮਦੱਦ ਲੈਣਾ ਚਾਹੁੰਦਾ ਹੈ ਉਹ ਵੇਰਵਿਆਂ ਸਾਹਿਤ +91955566345 ’ਤੇ ਸੰਪਰਕ ਕਰ ਸਕਦਾ ਹੈ।

Tech Spirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡਿਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਮੁੜ ਤੀਲਾ-ਤੀਲਾ ਹੋ ਜਾਏਗਾ ਇੰਡੀਆ ਗੱਠਜੋੜ

-ਗੁਰਮੀਤ ਸਿੰਘ ਪਲਾਹੀ-



ਪਿਛਲੇ ਸਾਲ 23 ਜੂਨ ਨੂੰ ਬਿਹਾਰ ਦੇ ਪਟਨਾ ਸ਼ਹਿਰ ਵਿੱਚ ਵਿਰੋਧੀ ਦਲਾਂ ਨੇ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਬੀਜੇਪੀ ਨੂੰ ਹਰਾਉਣ ਲਈ ਇੱਕਮੁੱਠ ਹੋਕੇ ਚੋਣ ਲੜਨ ਦਾ ਫ਼ੈਸਲਾ ਕੀਤਾ ਸੀ। ਦੇਸ਼ ਵਾਸੀਆਂ ਨੇ ਵਿਰੋਧੀ ਦਲਾਂ ਦੇ ਇਸ ਇੰਡੀਆ ਗੱਠਜੋੜ ਸੁਨੇਹੇ ਨੂੰ ਸ਼ੁਭ ਮੰਨਿਆ ਸੀ। ਦੇਸ਼ ਦੀ ਸਿਆਸਤ ਵਿੱਚ ਇੱਕ ਹਲਚਲ ਵੇਖਣ ਨੂੰ ਮਿਲੀ ਸੀ।

ਕੁਝ ਮਹੀਨੇ ਬੀਤਣ ਬਾਅਦ, ਜਿਸ ਸਿਆਸੀ ਨੇਤਾ, ਬਿਹਾਰ ਦੇ ਮੁੱਖ ਮੰਤਰੀ ਨਤੀਸ਼ ਕੁਮਾਰ ਨੇ ਵਿਰੋਧੀ ਦਲਾਂ ਨੂੰ ਇੱਕਮੁੱਠ ਕਰਨ ਦੀ ਪਹਿਲਕਦਮੀ ਕੀਤੀ ਸੀ, ਉਹ ਹੁਣ ਨਰੇਂਦਰ ਮੋਦੀ ਦੀ ਛੱਤਰੀ ਹੇਠ ਆ ਗਿਆ ਹੈ। ਗੱਠਬੰਧਨ ਦੀਆਂ ਸਾਰੀਆਂ ਗਤੀਵਿਧੀਆਂ ਲਗਭਗ ਠੱਪ ਹੋ ਗਈਆਂ ਜਾਪਦੀਆਂ ਹਨ। ਇੰਡੀਆ ਗੱਠਬੰਧਨ ਸ਼ੁਰੂ ਹੋਣ ਤੋਂ ਪਹਿਲਾਂ ਹੀ ਤੀਲ-ਤੀਲਾ ਹੋਣ ਦੇ ਕਗਾਰ 'ਤੇ ਹੈ।

ਇੰਡੀਆ ਗੱਠਜੋੜ ਤਾਂ ਬਣ ਗਿਆ, ਪਰ ਇਸਦਾ ਕੋਈ ਰੋਡ ਮੈਪ ਕੀ ਹੋਏਗਾ? ਇਸਦਾ ਵਿਜ਼ਨ ਕੀ ਹੋਏਗਾ? ਜਨਤਾ ਵਿੱਚ ਇਹ ਕਿਹੜੇ ਮੁੱਦੇ ਲੈ ਕੇ ਜਾਏਗਾ, ਇਸ ਸਬੰਧੀ ਕੋਈ ਸਹਿਮਤੀ ਬਣਨਾ ਤਾਂ ਦੂਰ ਦੀ ਗੱਲ ਹੈ, ਕੋਈ ਛੋਟੀ ਪਹਿਲ ਤੱਕ ਨਾ ਹੋਈ। ਹਾਲਾਂਕਿ ਕੁਝ ਦਲਾਂ ਨੇ ਇਸ ਗੱਲ ਉਤੇ ਦਬਾਅ ਜ਼ਰੂਰ ਬਣਾਇਆ ਸੀ ਕਿ ਸੀਟਾਂ ਦੀ ਵੰਡ ਤੋਂ ਪਹਿਲਾਂ ਮੁੱਦਿਆਂ ਸਬੰਧੀ ਰੋਡ ਮੈਪ ਸਬੰਧੀ ਸੱਪਸ਼ਟਤਾ ਹੋਣੀ ਚਾਹੀਦੀ ਹੈ, ਪਰ ਪਿਛਲੇ ਸਾਲ ਦੀ ਆਖ਼ਰੀ ਮੀਟਿੰਗ ਤੋਂ ਬਾਅਦ ਆਪਸ ਵਿੱਚ ਇੱਕ ਜੁੱਟ ਰੱਖਣਾ ਵੀ ਸਭ ਤੋਂ ਵੱਡੀ ਚੁਣੌਤੀ ਬਣ ਗਈ ਹੈ।

85 ਲੋਕ ਸਭਾ ਸੀਟਾਂ ਵਾਲੇ ਸੂਬੇ ਉੱਤਰ ਪ੍ਰਦੇਸ਼ 'ਚ ਸਮਾਜਵਾਦੀ ਪਾਰਟੀ ਅਤੇ ਕਾਂਗਰਸ ਵਿੱਚ ਸੀਟਾਂ ਦੀ ਵੰਡ ਨਹੀਂ ਹੋ ਰਹੀ। ਸਮਾਜਵਾਦ ਪਾਰਟੀ ਦੇ ਨੇਤਾ ਆਪਣੀ ਮਰਜ਼ੀ ਨਾਲ ਹੀ ਕਾਂਗਰਸ ਨੂੰ ਕੁਝ ਸੀਟਾਂ ਦੇਣੀਆਂ ਚਾਹੁੰਦੇ ਹਨ ਪਰ ਕਾਂਗਰਸ ਰਾਜ਼ੀ ਨਹੀਂ ਹੋਈ। ਪੱਛਮੀ ਬੰਗਾਲ 'ਚ ਆਪਣੇ ਪ੍ਰਭਾਵ ਕਾਰਨ ਮਮਤਾ ਬੈਨਰਜੀ ਕਾਂਗਰਸ ਅਤੇ ਖੱਬੀਆਂ ਧਿਰਾਂ ਨੂੰ ਠੀਕ ਢੰਗ ਨਾਲ ਪੱਲੇ ਨਹੀਂ ਬੰਨ੍ਹ ਰਹੀ। ਉਹ ਕਾਂਗਰਸ ਨੂੰ ਸਿਰਫ਼ ਦੋ-ਤਿੰਨ ਸੀਟਾਂ ਦੇਣ ਲਈ ਹੀ ਰਾਜ਼ੀ ਹੋਈ ਹੈ।

ਬਿਹਾਰ ਵਿੱਚ ਤਾਂ ਗੱਠਜੋੜ ਦੀ ਖੇਡ ਨਤੀਸ਼ ਕੁਮਾਰ ਨੇ ਖ਼ਤਮ ਹੀ ਕਰ ਦਿੱਤੀ ਹੈ, ਜਿਥੇ ਇੱਕ ਪਾਸੇ ਨਤੀਸ਼ ਕੁਮਾਰ, ਲਾਲੂ ਪ੍ਰਸ਼ਾਦ ਯਾਦਵ ਅਤੇ ਕਾਂਗਰਸ ਅਤੇ ਹੋਰ ਧਿਰਾਂ ਗੱਠਜੋੜ ਦਾ ਹਿੱਸਾ ਸਨ, ਤੇ ਦੂਜੇ ਪਾਸੇ ਭਾਜਪਾ। ਹੁਣ ਲਾਲੂ ਪ੍ਰਸਾਦ ਯਾਦਵ ਦੀ ਪਾਰਟੀ ਅਤੇ ਕਾਂਗਰਸ ਹੀ ਬਿਹਾਰ 'ਚ ਇਕੱਠੇ ਰਹਿ ਗਏ ਹਨ, ਪਰ ਉਹਨਾ 'ਚ ਸੀਟਾਂ ਦੀ ਵੰਡ ਲਈ ਹਾਲੇ ਸਹਿਮਤੀ ਨਹੀਂ ਹੋਈ। ਛੋਟੀਆਂ-ਮੋਟੀਆਂ ਪਾਰਟੀਆਂ ਤਾਂ ਭਾਜਪਾ ਦੇ ਨਾਲ ਹੀ ਚਲੇ ਗਈਆਂ ਹਨ।

ਪੰਜਾਬ 'ਚ "ਆਪ" ਅਤੇ ਕਾਂਗਰਸ ਆਪੋ-ਆਪਣੀਆਂ ਚੋਣਾਂ ਲੜਣਗੇ। ਦਿੱਲੀ ਵਿੱਚ ਵੀ ਹਾਲੇ ਕੋਈ ਸਹਿਮਤੀ ਇਹਨਾ ਪਾਰਟੀਆਂ ਦੀ ਨਹੀਂ ਹੋ ਸਕੀ। ਹਰਿਆਣਾ ਵਿੱਚ ਵੀ ਆਮ ਆਦਮੀ ਪਾਰਟੀ ਅਤੇ ਕਾਂਗਰਸ ਆਪਸੀ ਸਹਿਮਤੀ ਬਨਾਉਣ 'ਚ ਕਾਮਯਾਬ ਨਹੀਂ ਹੋ ਸਕੀਆਂ। ਮਹਾਂਰਾਸ਼ਟਰ ਵਿੱਚ ਵੀ ਸੀਟਾਂ ਦੀ ਵੰਡ ਦਾ ਮੁੱਦਾ ਹਾਲੇ ਕਾਇਮ ਹੈ। ਮੱਧ ਪ੍ਰਦੇਸ਼, ਮਹਾਂਰਾਸ਼ਟਰ ਅਤੇ ਦੱਖਣੀ ਰਾਜਾਂ 'ਚ ਕੁਝ ਰਾਜਾਂ ਨੂੰ ਛੱਡਕੇ ਕਾਂਗਰਸ ਤੇ ਹੋਰ ਧਿਰਾਂ ਇੱਕਮੁੱਠ ਨਹੀਂ ਹੋ ਸਕੀਆਂ। ਹੋਰ ਰਾਜਾਂ ਵਿੱਚ ਵੀ ਇੰਡੀਆ ਗੱਠਜੋੜ ਵਿੱਚ ਸ਼ਾਮਲ ਪਾਰਟੀਆਂ ਇੱਕਜੁੱਠ ਨਹੀਂ ਹੋ ਰਹੀਆਂ ਹਨ।

ਆਈ.ਐਂਨ.ਡੀ.ਆਈ.ਏ. (ਇੰਡੀਆ) ਵਿੱਚ ਦੋ ਦਰਜਨ ਤੋਂ ਵੱਧ ਦਲਾਂ ਨੂੰ ਜੋੜਨ ਅਤੇ ਮੁੜ ਜੋੜੇ ਰੱਖਣ ਲਈ ਆਪਸੀ ਤਾਲਮੇਲ ਦੀ ਘਾਟ ਵੇਖੀ ਗਈ। ਗੱਠਜੋੜ ਬਨਣ ਦੇ ਜਲਦੀ ਬਾਅਦ ਇਹ ਸੁਝਾਅ ਆਇਆ ਕਿ ਗੱਠਜੋੜ ਦੇ ਕੋਆਰਡੀਨੇਟਰ ਦੀ ਨਿਯੁੱਕਤੀ ਸਭ ਦੀ ਸਹਿਮਤੀ ਨਾਲ ਕੀਤੀ ਜਾਵੇ, ਜੋ ਸਾਰੇ ਦਲਾਂ ਨੂੰ ਇੱਕ ਸਿਰੇ ਤੋਂ ਦੂਜੇ ਸਿਰੇ ਤੱਕ ਜੋੜਕੇ ਸਾਰਥਿਕ ਭੂਮਿਕਾ ਨਿਭਾਵੇ। ਬਿਹਾਰ ਦੇ ਮੁੱਖ ਮੰਤਰੀ ਨਤੀਸ਼ ਕੁਮਾਰ ਇਸ ਆਹੁਦੇ ਲਈ ਉਮੀਦਵਾਰ ਸਨ, ਪਰੰਤੂ ਬੰਗਾਲ ਦੇ ਪ੍ਰਭਾਵੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਇਸ ਦਾ ਤਿੱਖਾ ਵਿਰੋਧ ਕੀਤਾ। ਕਾਂਗਰਸ ਨੇ ਵੀ ਇਸ ਮਸਲੇ ਉਤੇ ਸੁਸਤੀ ਵਿਖਾਈ। ਇੱਕ ਮੀਟਿੰਗ ਵਿੱਚ ਕਾਂਗਰਸ ਦੇ ਪ੍ਰਧਾਨ ਮਲਿਕਾਰੁਜਨ ਖੜਗੇ ਨੂੰ ਗੱਠਜੋੜ ਦਾ ਚੇਅਰਮੈਨ ਚੁਣ ਲਿਆ ਗਿਆ, ਪਰ ਕੋਆਰਡੀਨੇਟਰ ਦੇ ਤੌਰ 'ਤੇ ਨਿਯੁੱਕਤੀ ਨਾ ਹੋ ਸਕੀ। ਭਾਵੇਂ ਕਿ ਚੇਅਰਮੈਨ ਵਲੋਂ ਕੁਝ ਪਾਰਟੀਆਂ ਨਾਲ ਸਹਿਮਤੀ ਬਣਾਉਣ ਲਈ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਪਰ ਸਾਰਥਿਕ ਸਿੱਟੇ ਨਹੀਂ ਨਿਕਲ ਰਹੇ, ਜਦਕਿ ਚੋਣਾਂ ਨਜ਼ਦੀਕ ਆ ਰਹੀਆਂ ਹਨ ਅਤੇ ਕਿਸੇ ਸਮੇਂ ਵੀ ਚੋਣਾਂ ਦਾ ਐਲਾਨ ਹੋ ਸਕਦਾ ਹੈ।

ਅਸਲ ਗੱਲ ਤਾਂ ਇਹ ਹੈ ਕਿ ਦੋ ਦਰਜਨ ਤੋਂ ਵੱਧ ਵਿਰੋਧੀ ਦਲ ਭਾਜਪਾ ਨੂੰ ਹਰਾਉਣ ਲਈ ਇੱਕ ਮੰਚ ਉਤੇ ਤਾਂ ਆ ਗਏ, ਪਰ ਇਹਨਾ ਵਿੱਚ ਵਿਸ਼ਵਾਸ਼ ਨਹੀਂ ਬਣ ਸਕਿਆ। ਗੱਠਜੋੜ ਹੋਣ ਦੇ ਬਾਵਜੂਦ ਇਹ ਦਲ ਇੱਕ-ਦੂਜੇ ਦੇ ਵਿਰੋਧ ਵਿੱਚ ਬਿਆਨ ਦਿੰਦੇ ਰਹੇ। ਸੀਟਾਂ ਦੀ ਵੰਡ ਅਤੇ ਹੋਰ ਮੁੱਦਿਆਂ ਉਤੇ ਵੀ ਇਹ ਦਲ ਆਪਸ 'ਚ ਭਿੜਦੇ ਰਹੇ। ਇਸ ਨਾਂਹ-ਪੱਖੀ ਵਤੀਰੇ ਨੂੰ ਇੰਡੀਆ ਗੱਠਜੋੜ ਨੂੰ ਕਦੀ ਸਥਿਰ ਨਹੀਂ ਹੋਣ ਦਿੱਤਾ। ਕਾਂਗਰਸ ਜਿਸ ਨੇ ਵੱਡੇ ਭਰਾ ਵਾਲੀ ਭੂਮਿਕਾ ਨਿਭਾਉਣੀ ਸੀ, ਉਸ ਵਲੋਂ ਕੋਈ ਅਸਰਦਾਇਕ ਕਦਮ ਇਕਜੁੱਟਤਾ ਲਈ ਨਹੀਂ ਚੁੱਕੇ ਗਏ। ਕਾਂਗਰਸ ਵਲੋਂ ਰਾਹੁਲ ਗਾਂਧੀ ਦੇ ਨਿਆਂ ਮਾਰਚ ਨੂੰ ਤਾਂ ਅਹਿਮੀਅਤ ਦਿੱਤੀ ਗਈ ਅਤੇ ਦੂਜੇ ਦਲਾਂ ਵਲੋਂ ਆਸ ਰੱਖੀ ਗਈ ਕਿ ਉਹ ਯੂਪੀ, ਬੰਗਾਲ, ਬਿਹਾਰ ਰਾਜਾਂ 'ਚ ਉਸਦਾ ਸਾਥ ਦੇਣ, ਪਰ ਚੇਅਰਮੈਨ ਹੋਣ ਦੇ ਨਾਤੇ ਵੀ ਉਸ ਵਲੋਂ ਕਈ ਕੋਸ਼ਿਸ਼ਾਂ ਦੇ ਬਾਵਜੂਦ ਕੋਈ ਸਾਂਝੀ ਰੈਲੀ ਨਾ ਕੀਤੀ ਗਈ। ਕਦੇ ਪਟਨਾ, ਕਦੇ ਭੋਪਾਲ ਅਤੇ ਕਦੇ ਸ਼ਿਮਲਾ 'ਚ ਰੈਲੀ ਕਰਨ ਦਾ ਪ੍ਰੋਗਰਾਮ ਉਲੀਕਿਆ, ਤਿਆਰੀ ਹੋਈ, ਪਰ ਆਪਸੀ ਵਿਸ਼ਵਾਸ਼ ਦੀ ਕਮੀ ਨੇ ਇਹ ਗੱਲ ਸਿਰੇ ਨਾ ਲੱਗਣ ਦਿੱਤੀ।

ਗੱਠਬੰਧਨ ਦੇ ਮੈਂਬਰਾਂ 'ਚ ਸੰਵਾਦ ਦੀ ਘਾਟ ਲਈ ਖੇਤਰੀ ਦਲਾਂ ਨੇ ਕਾਂਗਰਸ ਨੂੰ ਜ਼ਿੰਮੇਵਾਰ ਠਹਿਰਾਇਆ। ਅਗਸਤ ਵਿੱਚ ਮੀਟਿੰਗ ਹੋਣ ਤੋਂ ਬਾਅਦ ਕਾਂਗਰਸ ਨੇ ਲਗਾਤਾਰ ਬੈਠਕ ਦੀ ਤਾਰੀਖ ਇਹ ਕਹਿ ਕਿ ਟਾਲ ਦਿੱਤੀ ਕਿ ਉਹਨਾ ਦੇ ਨੇਤਾ ਪੰਜ ਰਾਜਾਂ ਦੀਆਂ ਚੋਣਾਂ ਵਿੱਚ ਰੁਝੇ ਹੋਏ ਹਨ। ਪਰ ਗੱਠਬੰਧਨ ਨੇ ਦੱਬੀ ਜ਼ੁਬਾਨ ਵਿੱਚ ਦੋਸ਼ ਲਾਇਆ ਕਿ ਕਾਂਗਰਸ ਵਿਧਾਨ ਸਭਾ ਚੋਣਾਂ ਵਿੱਚ ਵਧੀਆ ਨਤੀਜਿਆਂ ਨੂੰ ਅਧਾਰ ਬਣਾਕੇ ਖੇਤਰੀ ਦਲਾਂ ਨਾਲ ਸੀਟਾਂ ਦੀ ਵੰਡ ਸਮੇਂ ਵੱਧ ਹਿੱਸੇਦਾਰੀ ਮੰਗੇਗਾ। ਲੇਕਿਨ ਹੋਇਆ ਇਸ ਤੋਂ ਉਲਟ ਕਾਂਗਰਸ ਦੇ ਨਤੀਜੇ ਬਹੁਤ ਖਰਾਬ ਨਿਕਲੇ, ਇਸ ਤੋਂ ਬਾਅਦ ਖੇਤਰੀ ਦਲ ਕਾਂਗਰਸ ਉਤੇ ਦਬਾਅ ਬਨਾਉਣ ਲਗੇ। ਕਾਂਗਰਸ ਨੇ ਉਹਨਾ ਨਾਲ ਸੰਵਾਦ ਨਾ ਕੀਤਾ। ਸਿੱਟੇ ਵਜੋਂ ਗੱਠਬੰਧਨ ਪੱਟੜੀ ਤੋਂ ਉਤਰਦਾ ਗਿਆ।

ਭਾਵੇਂ ਸਾਰੇ ਵਿਰੋਧੀ ਦਲ ਇੱਕ ਮੰਚ ਉਤੇ ਇਕੱਠੇ ਹੋ ਗਏ, ਲੇਕਿਨ ਉਹ ਆਪਸੀ ਵਿਰੋਧ ਘੱਟ ਨਾ ਕਰ ਸਕੇ। ਪੱਛਮੀ ਬੰਗਾਲ 'ਚ ਟੀਐਮਸੀ ਅਤੇ ਖੱਬੀਆਂ ਧਿਰਾਂ ਨੇ ਸਾਫ਼ ਸੰਦੇਸ਼ ਦੇ ਦਿੱਤਾ ਕਿ ਉਥੇ ਆਪਸੀ ਸਮਝੌਤਾ ਸੰਭਵ ਨਹੀਂ। ਇਸੇ ਤਰ੍ਹਾਂ ਕੇਰਲ 'ਚ ਕਾਂਗਰਸ, ਤੇ ਖੱਬੀਆਂ ਧਿਰਾਂ ਆਹਮੋ-ਸਾਹਮਣੇ ਹਨ।

ਕਈ ਮੁੱਦੇ ਵੀ ਇਹਨਾ ਧਿਰਾਂ ਵਿਚਕਾਰ 'ਚ ਆਪਸੀ ਸਹਿਮਤੀ ਬਨਾਉਣ 'ਚ ਰੁਕਾਵਟ ਬਣੇ। ਜਾਤੀ ਜਨਗਣਨਾ ਸਬੰਧੀ ਮਮਤਾ ਬੈਨਰਜੀ ਸਹਿਮਤ ਨਹੀਂ ਹੋਈ। ਡੀਐਮਕੇ ਨੇ ਸਨਾਤਨ ਦਾ ਮੁੱਦਾ ਚੁੱਕ ਕੇ ਬਾਕੀਆਂ ਨੂੰ ਅਸਹਿਜ ਕਰ ਦਿੱਤਾ। ਗੱਠਬੰਧਨ ਦੇ ਇੱਕ ਨੇਤਾ ਨੇ ਤਾਂ ਹੁਣ ਇਥੋਂ ਤੱਕ ਕਹਿ ਦਿੱਤਾ ਹੈ ਕਿ ਇੱਕ ਮੰਚ ਤੇ ਆਉਣ ਦੇ ਲਾਭਾਂ ਨਾਲੋਂ ਨੁਕਸਾਨ ਵਧ ਹੋਇਆ ਹੈ।

ਇੰਡੀਆ ਗੱਠਜੋੜ ਨੂੰ ਅੱਗੇ ਵਧਾਉਣ ਅਤੇ ਜੋੜੀ ਰੱਖਣ ਲਈ ਕਾਂਗਰਸ ਦਾ ਸਭ ਤੋਂ ਵੱਧ ਯੋਗਦਾਨ ਲੋੜੀਂਦਾ ਸੀ, ਪਰ ਕਾਂਗਰਸ ਆਪਣੇ ਪ੍ਰੋਗਰਾਮ ਨੂੰ ਤਰਜੀਹ ਦਿੰਦੀ ਰਹੀਂ। ਉਸ ਦੇ ਨੇਤਾ ਰਾਹੁਲ ਗਾਂਧੀ ਜਦੋਂ ਕਹਿੰਦੇ ਹਨ ਕਿ ਜਾਤੀ ਗਣਨਾ ਦੇਸ਼ ਦਾ ਐਕਸਰੇ ਹੈ। ਉਹ ਕਹਿੰਦੇ ਹਨ ਕਿ ਪੱਛੜੇ, ਦਲਿਤ ਅਤੇ ਆਦਿ ਵਾਸੀਆਂ ਨੂੰ ਹੱਕ ਦਿਵਾਉਣ ਲਈ ਸਭ ਤੋਂ ਵੱਡਾ ਹਥਿਆਰ ਜਾਤੀ ਜਨ ਗਣਨਾ ਹੈ ਤਾਂ ਇਹ ਦੂਜੇ ਸਭਨਾਂ ਸਾਂਝੀਦਾਰਾਂ ਨੂੰ ਪ੍ਰਵਾਨ ਨਹੀਂ। ਇਹ ਸਾਂਝੀਦਾਰ, ਭਾਜਪਾ ਵਾਂਗਰ, ਕਾਂਗਰਸ 'ਚ ਪਰਿਵਾਰਵਾਦ ਉਤੇ ਵੀ ਉਂਗਲੀ ਉਠਾਉਂਦੇ ਹਨ।

ਗੱਠਜੋੜ ਜਿਸਨੂੰ ਇਸ ਵੇਲੇ ਦੇਸ਼ 'ਚ ਵਧ ਰਹੀ ਬੇਰੁਜ਼ਗਾਰੀ, ਨਿੱਜੀਕਰਨ, ਅਰਾਜਕਤਾ, ਭੁੱਖਮਰੀ ਆਦਿ ਦੇ ਮੁੱਦੇ ਉਠਾਉਣ ਦੀ ਲੋੜ ਸੀ। ਉਹ ਇਸ ਵੇਲੇ ਚੁੱਪ ਬੈਠਾ ਹੈ। ਗੱਠਜੋੜ ਦੀਆਂ ਮੁੱਖ ਧਿਰਾਂ ਨੂੰ ਘੱਟੋ-ਘੱਟ ਪ੍ਰੋਗਰਾਮ ਤਹਿ ਕਰਕੇ ਖੇਤਰੀ ਦਲਾਂ ਨੂੰ ਆਪਣੇ ਨਾਲ ਲੈਣ ਦੀ ਲੋੜ ਸੀ, ਉਹ ਲੀਹੋ ਲੱਥ ਕੇ ਸਿਰਫ਼ ਸੀਟਾਂ ਦੀ ਵੰਡ ਤੱਕ ਸੀਮਤ ਹੋ ਕੇ "ਕਾਣੀ ਵੰਡ" ਦੇ ਰਾਹ ਪਿਆ ਹੋਇਆਂਹੈ।


ਇਸ ਸਾਰੀ ਸਥਿਤੀ ਦਾ ਫਾਇਦਾ ਉਠਾਉਂਦਿਆਂ ਭਾਜਪਾ ਦੀ ਕੇਂਦਰ ਸਰਕਾਰ ਜਿਥੇ "ਗੱਠਜੋੜ" 'ਚ ਤ੍ਰੇੜਾਂ ਪਾਉਣ ਲਈ ਸਰਗਰਮ ਹੋ ਕੇ, ਨਵੇਂ-ਨਵੇਂ ਪ੍ਰਾਜੈਕਟ ਲੋਕਾਂ ਸਾਹਮਣੇ ਪ੍ਰੋਸ ਰਹੀ ਹੈ, ਉਥੇ ਸੀਬੀਆਈ, ਈਡੀ, ਆਮਦਨ ਕਰ ਵਿਭਾਗ ਦੀ ਸਹਾਇਤਾ ਨਾਲ "ਕਮਜ਼ੋਰ ਵਿਰੋਧੀ ਨੇਤਾਵਾਂ" ਦੇ ਚਿਰ ਪੁਰਾਣੇ ਕੇਸ ਖੰਗਾਲ ਕੇ ਉਹਨਾ ਨੂੰ ਆਪਣੇ ਪਾਲੇ 'ਚ ਕਰਕੇ ਗੱਠਜੋੜ ਦੀ ਤਾਕਤ ਕਮਜ਼ੋਰ ਕਰਨ ਲਈ ਹਰ ਹੀਲਾ ਵਰਤ ਰਹੀ ਹੈ।

ਅੱਜ ਜਦੋਂ ਲੋੜ, ਭਾਜਪਾ ਦੇ ਵਿਰੋਧ 'ਚ ਵਿਰੋਧੀ ਧਿਰਾਂ ਨੂੰ ਇੱਕਮੁੱਠ ਹੋ ਕੇ, ਲੋਕ ਹਿਤੂ ਸਾਂਝਾ ਪ੍ਰੋਗਰਾਮ ਦੇਕੇ, ਖੜਨ ਦੀ ਸੀ, ਪਰ ਉਹ ਆਪਣੇ ਸੌੜੇ ਸਿਆਸੀ ਹਿੱਤਾਂ ਖ਼ਾਤਰ ਆਪੋ-ਥਾਪੀ 'ਚ ਨਜ਼ਰ ਆ ਰਹੀ ਹੈ।

ਇਸ ਸਮੇਂ ਮੁੱਖ ਭੂਮਿਕਾ ਨਿਭਾਉਣ ਲਈ ਕਾਂਗਰਸ ਨੂੰ ਅੱਗੇ ਵਧਕੇ ਗੱਠਜੋੜ ਦੇ ਸਾਂਝੀਦਾਰਾਂ ਦਰਮਿਆਨ ਮੁੜ ਵਿਸ਼ਵਾਸ਼ ਪੈਦਾ ਕਰਨ ਦੀ ਲੋੜ ਹੈ, ਤਾਂ ਕਿ ਤਾਨਾਸ਼ਾਹੀ ਵੱਲ ਵਧ ਰਹੇ ਦੇਸ਼ ਦੇ ਹਾਕਮਾਂ ਨੂੰ ਠੱਲ ਪਾਈ ਜਾ ਸਕੇ।

# ਅਧੁਨਿਕ ਵਿਗਿਆਨੀ ਵਿਚਾਰਾਂ ਦਾ ਮੋਢੀ ਵਿਅਕਤੀ 'ਬਰੂਨੋ'

-ਬਲਵਿੰਦਰ ਸਿੰਘ ਭੁੱਲਰ



ਸਦੀਆਂ ਤੋਂ ਸੱਚ ਤੇ ਪਹਿਰਾ ਦੇਣ ਵਾਲੇ ਤੇ ਵਿਗਿਆਨਕ ਸੋਚ ਦੇ ਮਾਲਕ ਮਹਾਨ ਵਿਅਕਤੀਆਂ ਨੂੰ ਤਸੱਦਦ ਝੱਲਣਾ ਪਿਐ। ਲੋਕਾਂ ਨੂੰ ਵਹਿਮਾਂ ਭਰਮਾਂ 'ਚ ਪਾ ਕੇ ਆਪਣੇ ਮਗਰ ਲਾਉਣ ਵਾਲੇ ਕੂੜ ਦੇ ਪਹਿਰੇਦਾਰਾਂ ਤੇ ਧਰਮਾਂ ਦੇ ਅਖੌਤੀ ਠੇਕੇਦਾਰਾਂ ਵੱਲੋਂ ਸੱਤ੍ਹਾਧਾਰੀਆਂ ਨਾਲ ਮਿਲ ਕੇ ਉਹਨਾਂ ਨੂੰ ਜ਼ੁਲਮ ਕਰਕੇ ਮੌਤ ਦੇ ਘਾਟ ਉਤਾਰਿਆ ਜਾਂਦਾ ਰਿਹਾ ਹੈ ਤਾਂ ਜੋ ਲੋਕਾਂ ਵਿੱਚ ਡਰ ਪਾਇਆ ਜਾ ਸਕੇ। ਪਰ ਸੱਚ ਖਤਮ ਨਹੀਂ ਹੋਇਆ ਸਗੋਂ ਵਧਦਾ ਰਿਹੈ। ਅਜਿਹੇ ਜ਼ੁਲਮਾਂ ਦਾ ਸ਼ਿਕਾਰ ਦੁਨੀਆਂ ਦਾ ਮਹਾਨ ਫਿਲਾਸਫਰ ਤੇ ਖਗੋਲ ਵਿਗਿਆਨੀ ਜਿਓਰਦਾਨੋ ਬਰੂਨੋ ਵੀ ਹੋਇਆ ਹੈ। ਜਿਸਨੇ ਸੱਚ ਨੂੰ ਨਹੀਂ ਤਿਆਗਿਆ ਤੇ ਜਿਉਂਦਿਆਂ ਸੜ ਕੇ ਮਰਨ ਨੂੰ ਤਰਜੀਹ ਕੀਤਾ।

1548 ਈਸਵੀ ਵਿੱਚ ਇਟਲੀ ਦੇ ਸ਼ਹਿਰ ਨੇਲਾ ਵਿੱਚ ਪਿਤਾ ਸੋਹਵਾਨੀ ਬਰੂਨੋ ਦੇ ਘਰ ਮਾਤਾ ਫਰਾਲੀਸਾ ਸੈਵੋਲੀਨੋ ਦੀ ਕੁੱਖੋਂ ਪੈਦਾ ਹੋਏ ਪੁੱਤਰ ਫਿਲਿਪੋ ਬਰੂਨੋ ਨੇ ਸੇਂਟ ਅਗਸਟੀਨ ਮੱਠ ਚੋਂ ਵਿੱਦਿਆ ਹਾਸਲ ਕੀਤੀ। ਸਤਾਰਾਂ ਸਾਲਾਂ ਦੀ ਉਮਰ 'ਚ ਉਹ ਕੈਥੋਲਿਕ ਸੰਤਾਂ ਦੇ ਡੋਮੀਨੀਕਨ ਫਿਰਕੇ ਵਿੱਚ ਸ਼ਾਮਲ ਹੋ ਗਿਆ, ਫਿਰਕੇ ਦੇ ਆਗੂਆਂ ਨੇ ਉਸਦਾ ਨਾਂ ਬਦਲ ਕੇ ਜਿਓਰਦਾਨੋ ਬਰੂਨੋ ਰੱਖ ਦਿੱਤਾ। ਉਸਨੇ ਕੈਥੋਲਿਕ ਫ਼ਲਸਫ਼ੇ ਤੇ ਧਰਮ ਦੇ ਖੇਤਰ ਵਿੱਚ ਕੰਮ ਕੀਤਾ ਤਾਂ ਉਸਦੀ ਵਿਦਵਤਾ ਨੂੰ ਦੇਖਦਿਆਂ ਫਿਰਕੇ ਨੇ 1572 ਵਿੱਚ ਉਸਨੂੰ ਪਾਦਰੀ ਨਿਯੁਕਤ ਕਰਕੇ ਬਣਦੇ ਕੋਰਸ ਵਿੱਚ ਦਾਖਲ ਕਰ ਲਿਆ, ਜਿੱਥੇ ਉਸਨੇ 1575 ਵਿੱਚ ਇਹ ਕੋਰਸ ਪੂਰਾ ਕੀਤਾ। ਇਸ ਸਮੇਂ ਦੌਰਾਨ ਉਸਨੂੰ ਧਾਰਮਿਕ ਖੇਤਰ ਵਿੱਚ ਫੈਲੇ ਅੰਧ ਵਿਸ਼ਵਾਸਾਂ ਤੇ ਗੈਰ ਵਿਗਿਆਨਕ ਧਾਰਨਾਵਾਂ ਬਾਰੇ ਬਹੁਤ ਜਾਣਕਾਰੀ ਮਿਲੀ ਅਤੇ ਉਹ ਅੰਧ ਵਿਸ਼ਵਾਸ ਤਿਆਗ ਕੇ ਧਰਮ ਦੇ ਅਸਲ ਫ਼ਲਸਫ਼ੇ ਨਾਲ ਜੁੜਣ ਦਾ ਪ੍ਰਚਾਰ ਕਰਨ ਲੱਗਾ।

ਬਰੂਨੋ ਹਰ ਗੱਲ ਤੇ ਵਿਚਾਰ ਨੂੰ ਤਰਕ ਤੇ ਵਿਗਿਆਨਕ ਢੰਗ ਨਾਲ ਦੇਖਦਾ। ਉਹ ਮਹਾਨ ਖਗੋਲ ਵਿਗਿਆਨੀ ਕਾਰਪਨਿਕਸ ਦੇ ਵਿਚਾਰਾਂ ਨਾਲ ਸਹਿਮਤ ਹੋ ਗਿਆ, ਜਿਸਨੇ ਕਿਹਾ ਸੀ ਕਿ ਬ੍ਰਹਮੰਡ ਦਾ ਕੇਂਦਰ ਧਰਤੀ ਨਹੀਂ ਬਲਕਿ ਸੂਰਜ ਹੈ। ਯੂਰਪ ਦੇ ਲੋਕ ਧਰਮ 'ਚ ਅੰਨ੍ਹਾਂ ਵਿਸ਼ਵਾਸ ਰਖਦੇ ਹੋਏ ਬ੍ਰਹਮੰਡ ਦਾ ਧੁਰਾ ਧਰਤੀ ਨੂੰ ਮੰਨਦੇ ਸਨ। ਬਰੂਨੋ ਦਾ ਵੀ ਵਿਰੋਧ ਸੁਰੂ ਹੋ ਗਿਆ, ਪਰ ਉਹ ਵਿਗਿਆਨਕ ਖੋਜਾਂ ਦੇ ਰਾਹ ਵਧਦਾ ਗਿਆ। ਉਸਨੇ ਕਾਰ-ਪਨਿਕਸ ਤੋਂ ਵੀ ਅੱਗੇ ਵਧ ਕੇ ਕਿਹਾ ਕਿ ਅਕਾਸ਼ ਸਿਰਫ਼ ਓਨਾ ਹੀ ਨਹੀਂ ਜਿਨਾਂ ਸਾਨੂੰ ਦਿਖਾਈ ਦਿੰਦਾ ਹੈ, ਬਲਕਿ ਬਹੁਤ ਅਕਾਸ਼ ਹਨ।

ਸੌਰ ਮੰਡਲ ਬਾਰੇ ਬਰੂਨੋ ਨੇ ਕਿਹਾ ਕਿ ਹਰ ਤਾਰੇ ਦਾ ਆਪਣਾ ਪਰਿਵਾਰ ਹੈ ਜਿਵੇਂ ਧਰਤੀ, ਸੂਰਜ ਦਾ। ਉਸਨੇ ਬੜੀ ਦਲੇਰੀ ਨਾਲ ਸਪਸ਼ਟ ਕੀਤਾ ਕਿ ਸੂਰਜ ਵੀ ਆਪਣੇ ਧੁਰੇ ਦੁਆਲੇ ਘੁੰਮਦਾ ਹੈ। ਧਰਮ ਬਾਰੇ ਉਸਦਾ ਵਿਚਾਰ ਸੀ ਕਿ ਅਸਲ ਧਰਮ ਉਹ ਹੈ, ਜਿਸ 'ਚ ਸਾਰੇ ਧਰਮਾਂ ਦੇ ਲੋਕ ਇਕੱਠੇ ਬੈਠ ਕੇ ਧਰਮ ਬਾਰੇ ਖੁਲ੍ਹ ਕੇ ਚਰਚਾ ਕਰ ਸਕਣ। ਉਸਦਾ ਕਹਿਣਾ ਸੀ ਕਿ ਬਾਈਬਲ ਗ੍ਰੰਥ ਤੋਂ ਧਰਮ, ਲੋਕ ਭਲਾਈ ਤੇ ਨੈਤਿਕਤਾ ਦੀ ਸਿੱਖਿਆ ਤਾਂ ਲਈ ਜਾਵੇ ਪਰ ਵਿਗਿਆਨ ਨੂੰ ਵਿਗਿਆਨੀਆਂ ਲਈ ਛੱਡ ਦਿੱਤਾ ਜਾਵੇ। ਬਰੂਨੋ ਦੇ ਵਿਚਾਰ ਧਾਰਮਿਕ ਲੋਕਾਂ ਨੂੰ ਹਜ਼ਮ ਨਹੀਂ ਸਨ ਹੋ ਰਹੇ, ਉਹਨਾਂ ਬਰੂਨੋ ਵਿਰੁੱਧ ਪ੍ਰਚਾਰ ਕਰਨਾ ਹੋਰ ਤੇਜ ਕਰ ਦਿੱਤਾ। ਧਾਰਮਿਕ ਆਗੂਆਂ ਤੇ ਉਹਨਾਂ ਦੇ ਸਹਾਰੇ ਸਤ੍ਹਾ ਭੋਗਣ ਵਾਲਿਆਂ ਨੇ ਬਰੂਨੋ ਤੇ ਝੂਠੇ ਮੁਕੱਦਮੇ ਬਣਾਏ ਅਤੇ ਕਰੀਬ ਅੱਠ ਸਾਲ ਉਸਨੂੰ ਜੇਲ੍ਹਾਂ ਵਿੱਚ ਰਹਿਣਾ ਪਿਆ। ਆਪਣੇ ਬਚਾਅ ਲਈ ਉਹ ਰੋਮ ਚਲਾ ਗਿਆ, ਉੱਥੇ ਵੀ ਉਸਤੇ ਦਬਾਅ ਪਾਇਆ ਗਿਆ ਕਿ ਉਹ ਬ੍ਰਹਮੰਡ ਤੇ ਧਰਮ ਬਾਰੇ ਆਪਣੇ ਵਿਚਾਰਾਂ ਨੂੰ ਛੱਡ ਦੇਵੇ ਅਤੇ ਧਰਮ ਦਾ ਆਗੂ ਬਣ ਕੇ ਕੰਮ ਕਰੇ, ਪਰ ਬਰੂਨੋ ਨੇ ਸੱਚ ਤੇ ਪਹਿਰਾ ਦੇਣ ਦਾ ਪ੍ਰਣ ਕਰ ਲਿਆ ਸੀ ਅਤੇ ਉਸ ਦੇ ਕ੍ਰਾਂਤੀਕਾਰੀ ਵਿਚਾਰਾਂ ਸਦਕਾ ਕੋਈ ਉਸਨੂੰ ਡੋਲਾਅ ਨਾ ਸਕਿਆ।

ਆਖ਼ਰ ਉਸ ਵਿਰੁੱਧ ਅਫ਼ਵਾਹਾਂ ਫੈਲਾਉਣ ਦੇ ਦੋਸ਼ ਅਧੀਨ ਮੁਕੱਦਮਾ ਚਲਾ ਕੇ ਉਸਨੂੰ ਮੌਤ ਦੀ ਸਜ਼ਾ ਸੁਣਾ ਦਿੱਤੀ। 17 ਫਰਵਰੀ 1600 ਨੂੰ ਉਸਨੂੰ ਰੋਮ ਦੇ ਕੈਂਪੋ ਡੀ ਫਿਓਰੀ ਚੌਂਕ ਵਿੱਚ ਲੋਕਾਂ ਦੇ ਸਾਹਮਣੇ ਇੱਕ ਖੰਬੇ ਤੇ ਪੁੱਠਾ ਲਟਕਾਇਆ ਗਿਆ ਅਤੇ ਆਪਣੇ ਵਿਚਾਰ ਵਾਪਸ ਲੈਣ ਲਈ ਆਖ਼ਰੀ ਮੌਕਾ ਦਿੱਤਾ। ਬਹਾਦਰ ਵਿਗਿਆਨੀ ਬਰੂਨੋ ਨੇ ਵਿਚਾਰ ਵਾਪਸ ਲੈਣ ਤੋਂ ਇਨਕਾਰ ਕਰਕੇ ਮੌਤ ਕਬੂਲਦਿਆਂ ਕਿਹਾ ਕਿ ਇੱਕ ਦਿਨ ਆਵੇਗਾ ਜਦ ਦੁਨੀਆਂ ਉਸਦੀ ਖੋਜ ਨੂੰ ਸੱਚ ਮੰਨੇਗੀ। ਇਸ ਉਪਰੰਤ ਬਰੂਨੋ ਦੇ ਸਰੀਰ ਤੇ ਤੇਲ ਪਾ ਕੇ ਜਿਉਂਦੇ ਨੂੰ ਸਾੜ ਦਿੱਤਾ ਗਿਆ।

ਉਸਦੀਆਂ ਲਿਖਤਾਂ ਤੇ ਪਾਬੰਦੀ ਲਾ ਦਿੱਤੀ ਗਈ ਜੋ 1966 ਤੱਕ ਲੱਗੀ ਰਹੀ। ਉਸਦੀ ਮੌਤ ਤੋਂ ਸਦੀਆਂ ਬਾਅਦ ਹੁਣ ਸਮੁੱਚੀ ਦੁਨੀਆਂ ਉਸਦੀ ਖੋਜ ਨੂੰ ਸਵੀਕਾਰ ਕਰਦੀ ਹੈ। ਅੱਜ ਉਸਨੂੰ ਦੁਨੀਆਂ ਭਰ ਵਿੱਚ 'ਅਜ਼ਾਦ ਚਿੰਤਨ ਸ਼ਹੀਦ' ਤੇ 'ਅਧੁਨਿਕ ਵਿਗਿਆਨੀ ਵਿਚਾਰਾਂ ਦਾ ਮੋਢੀ ਵਿਅਕਤੀ' ਮੰਨਿਆਂ ਜਾਂਦਾ ਹੈ। ਬਰੂਨੋ ਦੀ ਸਹਾਦਤ ਤੋਂ ਕਰੀਬ ਤਿੰਨ ਸਦੀਆ ਬਾਅਦ ਉਸ ਚੌਂਕ ਵਿੱਚ ਉਸ ਖਗੋਲ ਵਿਗਿਆਨੀ ਦਾ ਬੁੱਤ ਲਾਇਆ ਗਿਆ ਸੀ, ਜਿੱਥੇ ਉਸਨੂੰ ਸਾੜ ਕੇ ਸਹੀਦ ਕੀਤਾ ਸੀ। ਇਹ ਚੌਂਕ ਅੱਜ ਲੋਕਾਂ ਦੀ ਖਿੱਚ ਦਾ ਕੇਂਦਰ ਬਣਿਆ ਹੋਇਆ ਹੈ।


CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com


# ਲਖਵਿੰਦਰ ਜੌਹਲ ਦੀ ਅਗਵਾਈ ਹੇਠ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਦੀਆਂ ਚੋਣਾਂ ਲਈ ਨਾਮਜ਼ਦਗੀ ਪੱਤਰ ਦਾਖ਼ਲ



ਲੁਧਿਆਣਾ, 19 ਫਰਵਰੀ (ਗਿਆਨ ਸਿੰਘ): 3 ਮਾਰਚ ਨੂੰ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਦੀ ਚੋਣ ਵਾਸਤੇ ਅੱਜ ਡਾ. ਲਖਵਿੰਦਰ ਸਿੰਘ ਜੌਹਲ, ਡਾ. ਸ਼ਿੰਦਰਪਾਲ ਸਿੰਘ ਤੇ ਡਾ. ਗੁਰਇਕਬਾਲ ਸਿੰਘ ਦੀ ਅਗਵਾਈ ਹੇਠ ਅੱਜ ਪੰਜਾਬੀ ਭਵਨ ਲੁਧਿਆਣਾ ਵਿਖੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਗਏ ਹਨ। ਡਾ. ਲਖਵਿੰਦਰ ਸਿੰਘ ਜੌਹਲ ਨੇ ਪ੍ਰਧਾਨ, ਡਾ: ਸ਼ਿੰਦਰਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ ਤੇ ਜਨਰਲ ਸਕੱਤਰ ਦੇ ਅਹੁਦੇ ਲਈ ਡਾ: ਗੁਰਇਕਬਾਲ ਸਿੰਘ ਨੇ ਕਾਗ਼ਜ਼ ਦਾਖ਼ਲ ਕੀਤੇ ਹਨ।

ਡਾ. ਲਖਵਿੰਦਰ ਸਿੰਘ ਜੌਹਲ ਨੇ ਦੱਸਿਆ ਕਿ ਮੀਤ ਪ੍ਰਧਾਨ ਲਈ ਭਗਵੰਤ ਸਿੰਘ (ਡਾ.), ਗੁਰਚਰਨ ਕੌਰ ਕੋਚਰ(ਡਾ.) ਤ੍ਰੈਲੋਚਨ ਲੋਚੀ, ਮਦਨ ਵੀਰਾ ਤੇ ਇਕਬਾਲ ਸਿੰਘ ਗੋਂਦਾਰਾ (ਡਾ.) (ਪੰਜਾਬੋਂ ਬਾਹਰ) ਤੋਂ ਇਲਾਵਾ ਪ੍ਰਬੰਧਕੀ ਬੋਰਡ ਦੇ ਮੈਂਬਰਾਂ ਲਈ ਗੁਰਵਿੰਦਰ ਸਿੰਘ ਅਮਨ ਰਾਜਪੁਰਾ, ਦੀਪ ਜਗਦੀਪ ਸਿੰਘ ਲੁਧਿਆਣਾ,ਕੇ ਸਾਧੂ ਸਿੰਘ ਮੁੱਲਾਂਪੁਰ,ਸਹਿਜਪ੍ਰੀਤ ਸਿੰਘ ਮਾਂਗਟ ਲੁਧਿਆਣਾ,ਬਲਜੀਤ ਪਰਮਾਰ (ਮੁੰਬਈ), ਹਰਦੀਪ ਢਿੱਲੋਂ ਅਬੋਹਰ, ਡਾ. ਸਰਘੀ ਅੰਮ੍ਰਿਤਸਰ,ਪਰਮਜੀਤ ਕੌਰ ਮਹਿਕ ਲੁਧਿਆਣਾ,ਜਗਦੀਸ਼ ਰਾਏ ਕੁੱਲਰੀਆਂ ਮਾਨਸਾ,ਹਰਵਿੰਦਰ ਸਿੰਘ ਗੁਲਾਬਾਸੀ ਚੰਡੀਗੜ੍ਹ,ਡਾ. ਨਾਇਬ ਸਿੰਘ ਮੰਡੇਰ ਰਤੀਆ ਹਰਿਆਣਾ (ਪੰਜਾਬੋਂ ਬਾਹਰ), ਰੋਜ਼ੀ ਸਿੰਘ ਫ਼ਤਹਿਗੜ੍ਹ ਚੂੜੀਆਂ, ਕਰਮਜੀਤ ਸਿੰਘ ਕੁੱਟੀ ਐਡਵੋਕੇਟ ਬਠਿੰਡਾ,ਡਾ.ਨਰੇਸ਼ ਕੁਮਾਰ ਨੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ। ਇਸ ਮੌਕੇ ਡਾ. ਲਖਵਿੰਦਰ ਸਿੰਘ ਜੌਹਲ ਦੀ ਅਗਵਾਈ ਵਿਚ ਹੋਈ ਬੈਠਕ ਦੌਰਾਨ ਸਮੁੱਚੇ ਮੈਂਬਰ ਸਾਹਿਬਾਨ ਨੇ ਪੰਜਾਬੀ ਸਾਹਿਤ ਅਕਾਦਮੀ ਦੀ ਅਮੀਰ ਸਾਹਿਤਕ ਤੇ ਅਕਾਦਮਿਕ ਵਿਰਾਸਤ ਨੂੰ ਕਾਇਮ ਰੱਖਣ ਤੇ ਪ੍ਰਫੁੱਲਿਤ ਕਰਨ ਦੇ ਮਨੋਰਥ ਨਾਲ ਲੜੀ ਜਾਵੇਗੀ। ਡਾ. ਦੀਪਕ ਮਨਮੋਹਨ ਸਿੰਘ ਨੇ ਕਿਹਾ ਕਿ ਡਾ. ਲਖਵਿੰਦਰ ਸਿੰਘ ਜੌਹਲ ਦੀ ਅਗਵਾਈ ਵਾਲੀ ਟੀਮ ਨੇ ਪਿਛਲੇ ਦੋ ਸਾਲਾਂ ਵਿਚ ਅਕਾਡਮੀ ਨੇ ਇਸ ਮਹਾਨ ਸੰਸਥਾ ਦੇ ਮੋਢੀਆਂ ਤੇ ਵਡੇਰਿਆਂ ਦੇ ਪਾਏ ਹੋਏ ਪੂਰਨਿਆਂ 'ਤੇ ਚੱਲਦਿਆਂ ਬਹੁਤ ਸਾਰੇ ਉਹ ਕਾਰਜ ਕੀਤੇ ਹਨ ਜੋ ਚਿਰਾਂ ਤੋਂ ਰੁਕੇ ਹੋਏ ਸਨ।

**ਕਾਰਜਕਾਰਨੀ ਕਮੇਟੀ ਲਈ ਪੰਦਰਾਂ ਮੈਂਬਰੀ ਪੈਨਲ ਵੀ ਜਾਰੀ**

ਉਨ੍ਹਾਂ ਕਿਹਾ ਕਿ ਨਾ ਸਿਰਫ਼ ਅਕਾਡਮੀ ਦੀ ਇਸ ਟੀਮ ਨੇ ਸਾਹਿਤਕ ਤੇ ਅਕਾਦਮਿਕ ਕਾਰਜਾਂ ਵਿਚ ਚੋਖਾ ਵਾਧਾ ਕੀਤਾ ਬਲਕਿ ਮਾਂ-ਬੋਲੀ ਨੂੰ ਤਕਨੀਕ ਦੇ ਹਾਣ ਦਾ ਬਣਾਉਣ ਲਈ ਉਚੇਚੇ ਉਪਰਾਲੇ ਕੀਤੇ। ਜਿਸ ਨਾਲ ਅਕਾਡਮੀ ਦੀ ਵਿਲੱਖਣ ਗਿਆਨ ਖ਼ਜ਼ਾਨੇ ਨਾਲ ਭਰਪੂਰ ਲਾਇਬ੍ਰੇਰੀ ਦੇਸ਼-ਵਿਦੇਸ਼ ਵਿਚ ਬੈਠੇ ਪੰਜਾਬੀ ਲੇਖਕਾਂ ਤੇ ਸਾਹਿਤ ਪ੍ਰੇਮੀਆਂ ਦੀ ਪਹੁੰਚ ਵਿਚ ਆਈ। ਉਨ੍ਹਾਂ ਕਿਹਾ ਕਿ ਇਸ ਅਨਮੋਲ ਖ਼ਜ਼ਾਨੇ ਨੂੰ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਦੇ ਦੌਰ ਵਿਚ ਨਵੀਂ ਪੀੜ੍ਹੀਆਂ ਤੱਕ ਪਹੁੰਚਾਉਣ ਦੇ ਕਾਰਜ ਨੂੰ ਜਾਰੀ ਰੱਖਣ ਲਈ ਇਸ ਟੀਮ ਨੂੰ ਇਕ ਵਾਰ ਫੇਰ ਮੌਕਾ ਦੇਣਾ ਲਾਜ਼ਮੀ ਹੈ।

ਇਸ ਮੌਕੇ ਸਾਰੇ ਹਾਜ਼ਰ ਲੇਖਕਾਂ ਨੇ ਪਿਛਲੇ ਸਾਲ ਦੇ ਭਾਰਤੀ ਸਾਹਿੱਤ ਅਕਾਡਮੀ ਪੁਰਸਕਾਰ ਵਿਜੇਤਾ ਕਹਾਣੀਕਾਰ ਤੇ ਪੰਜਾਬੀ ਸਾਹਿੱਤ ਅਕਾਡਮੀ ਦੇ ਕਾਰਜਕਾਰਨੀ ਮੈਂਬਰ ਸੁਖਜੀਤ ਮਾਛੀਵਾੜਾ ਦੇ ਅਚਾਨਕ ਦੇਹਾਂਤ ਤੇ ਉਸ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਗੁਰਭਜਨ ਗਿੱਲ ਨੇ ਸਮੂਹ ਲੇਖਕਾਂ ਨੂੰ ਅਪੀਲ ਕੀਤੀ ਕਿ ਵਿੱਛੜੇ ਮਿੱਤਰ ਪਿਆਰੇ ਨੂੰ ਸ਼ਰਧਾ ਸੁਮਨ ਭੇਂਟ ਕਰਨ ਲਈ ਸਭ ਦੋਸਤ 21 ਫਰਵਰੀ ਨੂੰ ਗੁਰ-ਦੁਆਰਾ ਚਰਨ ਕੰਵਲ ਸਾਹਿਬ ਮਾਛੀਵਾੜਾ (ਲੁਧਿਆਣਾ)ਵਿਖੇ ਦੁਪਹਿਰ 12ਵਜੇ ਤੋਂ 1ਵਜੇ ਤੀਕ ਜ਼ਰੂਰ ਪੁੱਜਣ।

ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ ਤੇ ਕੇਂਦਰੀ ਪੰਜਾਬੀ ਲੇਖਕ ਸਭਾ(ਸੇਖੋਂ) ਦੇ ਪ੍ਰਧਾਨ ਪਵਨ ਹਰਚੰਦਪੁਰੀ ਨੇ ਕਿਹਾ ਕਿ ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਆਪਣੀ ਵਿਲੱਖਣ ਸਾਹਿਤਕ ਤੇ ਅਕਾਦਮਿਕ ਰਿਵਾਇਤ ਲਈ ਜਾਣੀ ਜਾਂਦੀ ਹੈ। ਡਾ. ਲਖਵਿੰਦਰ ਸਿੰਘ ਜੌਹਲ ਦੀ ਅਗਵਾਈ ਵਾਲੀ ਟੀਮ ਨੇ ਅਕਾਡਮੀ ਦੀ ਸਾਹਿਤਕ ਪਰੰਪਰਾ ਤੇ ਆਧੁਨਿਕ ਤਕਨੀਕ ਵਿਚਾਲੇ ਪੁਲ ਉਸਰਾਦਿਆਂ ਆਪਣੀ ਪ੍ਰਬੰਧਕੀ ਸੂਝ ਨਾਲ ਅਕਾਡਮੀ ਦੀ ਬੁਨਿਆਦ ਨੂੰ ਮਜ਼ਬੂਤ ਕੀਤਾ ਹੈ। ਇਸ ਮਜ਼ਬੂਤੀ ਨੂੰ ਕਾਇਮ ਰੱਖਣ ਲਈ ਸਮੂਹ ਪੰਜਾਬੀ ਲੇਖਕ ਭਾਈਚਾਰਾ ਡਾ. ਜੌਹਲ ਦੀ ਅਗਵਾਈ ਵਾਲੇ ਅਦਬੀ ਕਾਫ਼ਲੇ ਦੇ ਭਰਪੂਰ ਸਮਰਥਨ ਵਿਚ ਆ ਗਿਆ ਹੈ। ਇਸ ਮੌਕੇ ਚੋਣਾਂ ਵਿੱਚ ਉਤਾਰੀ ਟੀਮ ਨੂੰ ਸਹਿਯੋਗ ਦੇਣ ਲਈ ਡਾ. ਨਿਰਮਲ ਜੌੜਾ, ਨਵਾਂ ਜ਼ਮਾਨਾ ਦੇ ਮੈਗਜ਼ੀਨ ਸੰਪਾਦਕ ਡਾ. ਹਰਜਿੰਦਰ ਸਿੰਘ ਅਟਵਾਲ,ਆਪਣੀ ਆਵਾਜ਼ ਦੇ ਮੁੱਖ ਸੰਪਾਦਕ ਸੁਰਿੰਦਰ ਸਿੰਘ ਸੁੱਨੜ, ਡਾ. ਓਮਿੰਦਰ ਜੌਹਲ, ਚੰਡੀਗੜ੍ਹ ਤੋਂ ਡਾ. ਸਵੈਰਾਜ ਸੰਧੂ, ਡਾ. ਨਿਰਮਲ ਸਿੰਘ ਬਾਸੀ, ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਦੇ ਸਾਬਕਾ ਪ੍ਰਧਾਨ ਗੁਰਭਜਨ ਸਿੰਘ ਗਿੱਲ, ਇੰਦਰਜੀਤਪਾਲ ਕੌਰ ਭਿੰਡਰ,ਅਮਰਜੀਤ ਸ਼ੇਰਪੁਰੀ ਤੇ ਸਰਬਜੀਤ ਵਿਰਦੀ ਸਮੇਤ ਕਈ ਉੱਘੇ ਲੇਖਕ ਹਾਜ਼ਰ ਸਨ।

ਡਾ. ਲਖਵਿੰਦਰ ਸਿੰਘ ਜੌਹਲ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਅਸੀਂ ਆਪਣਾ ਆਪਣਾ 22 ਨੁਕਾਤੀ ਚੋਣ ਮਨੋਰਥ ਪੱਤਰ ਜਾਰੀ ਕੀਤਾ ਹੈ ਜਿਸ ਤੋਂ ਸਾਡਾ ਮਨੋਰਥ ਸਪੱਸ਼ਟ ਹੈ ਕਿ ਸਾਡਾ ਸਾਹਿਤਕ ਕਾਫ਼ਲਾ ਪੰਜਾਬੀ ਸਾਹਿਤ ਅਕਾਡਮੀ ਦੇ ਪ੍ਰਬੰਧਾਂ ਨੂੰ ਬਿਹਤਰ ਕਰਨ, ਇਸ ਦੀ ਮੌਜੂਦਾ ਅਵਸਥਾ ਵਿਚ ਜ਼ਮੀਨੀ ਸੁਧਾਰ ਕਰਨ ਤੋਂ ਲੈ ਕੇ ਅਕਾਡਮੀ ਦੇ ਸਾਹਿਤਕ ਤੇ ਅਕਾਦਮਿਕ ਪਛਾਣ ਨੂੰ ਹੋਰ ਗੂੜ੍ਹਾ ਕਰਨਾ ਹੈ। ਅਸੀਂ ਸਮੂਹ ਲੇਖਕ ਮੈਂਬਰਾਂ ਨੂੰ ਅਪੀਲ ਕਰਦੇ ਹਾਂ ਕਿ ਉਹ ਸਾਡੇ ਮਨੋਰਥ ਪੱਤਰ 'ਤੇ ਮੋਹਰ ਲਾ ਕੇ ਸਾਡੇ ਵਿਸ਼ਵਾਸ ਤੇ ਪੰਜਾਬੀ ਸਾਹਿੱਤ ਅਕਾਡਮੀ ਦੀ ਸਰਬ-ਉੱਚਤਾ ਲਈ ਵਿੱਢੇ ਕਾਰਜਾਂ ਨੂੰ ਜਾਰੀ ਰੱਖਣ ਵਿਚ ਸਾਡਾ ਸਹਿਯੋਗ ਕਰਨ।




# ਮੰਤਰੀ ਡਾ. ਬਲਜੀਤ ਕੌਰ ਨੇ ਆਪਣੇ ਹਲਕੇ ਵਿੱਚ 141 ਕਰੋੜ ਰੁਪਏ ਦੇ ਵਿਕਾਸ ਕਾਰਜ ਸ਼ੁਰੂ ਕਰਵਾਏ



ਮਲੋਟ, 19 ਫਰਵਰੀ, (ਗਿਆਨ ਸਿੰਘ): ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਆਪਣੇ ਵਿਧਾਨ ਸਭਾ ਹਲਕੇ ਮਲੋਟ ਵਿੱਚ ਬੀਤੇ ਦਿਨ ਇਕ ਕਰੋੜ 41 ਲੱਖ ਰੁਪਏ ਦੇ ਵੱਖ-ਵੱਖ ਵਿਕਾਸ ਕਾਰਜ ਸ਼ੁਰੂ ਕਰਵਾਏ। ਇਸ ਦੌਰਾਨ ਉਨ੍ਹਾਂ ਨੇ ਪਿੰਡ ਚੱਕ ਦੂਹੇ ਵਾਲਾ, ਧਿਗਾਣਾ, ਸੋਥਾ, ਚੱਕ ਮਦਰਸਾ, ਰੁਪਾਣਾ ਅਤੇ ਮੌੜ ਦਾ ਦੌਰਾ ਕੀਤਾ।

ਇਸ ਦੌਰਾਨ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲਈ ਵਿਕਾਸ ਹੀ ਮੁੱਖ ਏਜੰਡਾ ਹੈ। ਉਹਨਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਪਿੰਡ-ਪਿੰਡ ਵੱਡੀਆਂ ਰਕਮਾਂ ਖਰਚ ਕਰਕੇ ਵਿਕਾਸ ਕਰਵਾਏ ਜਾ ਰਹੇ ਹਨ। ਉਨਾਂ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਸਮੇਂ ਬੁਨਿਆਦੀ ਢਾਂਚੇ ਦੇ ਵਿਕਾਸ ਤੇ ਜ਼ੋਰ ਨਹੀਂ ਦਿੱਤਾ ਗਿਆ ਅਤੇ ਲੋਕ ਅੱਜ ਵੀ ਬੁਨਿਆਦੀ ਸਹੂਲਤਾਂ ਤੋਂ ਤਰਸ ਰਹੇ ਹਨ ਪਰ ਹੁਣ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ ਜਰੂਰਤਾਂ ਅਨੁਸਾਰ ਕੰਮ ਕਰ ਰਹੀ ਹੈ।

ਇਸ ਦੌਰਾਨ ਉਹਨਾਂ ਨੇ ਆਂਗਣਵਾੜੀ ਕੇਂਦਰਾਂ ਦੇ ਨਿਰਮਾਣ, ਗਲੀਆਂ ਨਾਲੀਆਂ, ਪਾਣੀ ਦੀਆਂ ਪਾਈਪਾਂ, ਛੱਪੜਾਂ ਦੇ ਨਵੀਨੀਕਰਨ ਵਰਗੇ ਪ੍ਰੋਜੈਕਟਾਂ ਸ਼ੁਰੂ ਕਰਵਾਏ। ਚੱਕ ਦੂਹੇ ਵਾਲਾ ਲਈ ਉਹਨਾਂ 10 ਲੱਖ 8 ਹਜਾਰ ਰੁਪਏ, ਪਿੰਡ ਧਿਗਾਣਾ ਲਈ 10 ਲੱਖ 8 ਹਜਾਰ ਰੁਪਏ, ਸੋਥਾ ਲਈ 43 ਲੱਖ ਰੁਪਏ, ਚੱਕ ਮਦਰੱਸਾ ਲਈ 10 ਲੱਖ 8 ਹਜਾਰ ਰੁਪਏ, ਰੂਪਾਣਾ ਲਈ 25 ਲੱਖ 19 ਹਜਾਰ ਰੁਪਏ ਅਤੇ ਮੌੜ ਲਈ 42 ਲੱਖ 77 ਹਜਾਰ ਰੁਪਏ ਦੇ ਕੰਮ ਸ਼ੁਰੂ ਕਰਵਾਏ।

ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਜਿੱਥੇ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਉੱਥੇ ਲੋਕ ਭਲਾਈ ਦੇ ਕਾਰਜਾਂ ਨੂੰ ਵੀ ਬਰਾਬਰ ਮਹੱਤਵ ਦਿੱਤਾ ਜਾ ਰਿਹਾ ਹੈ। ਉਨ੍ਹਾਂ ਆਖਿਆ ਕਿ ਪੰਜਾਬ ਸਰਕਾਰ ਹੁਣ ਘਰ-ਘਰ ਰਾਸ਼ਨ ਮੁਹੱਈਆ ਕਰਵਾ ਰਹੀ ਹੈ। ਉਹਨਾਂ ਕਿਹਾ ਕਿ ਪਹਿਲਾਂ ਲੋਕਾਂ ਨੂੰ ਰਾਸ਼ਨ ਡੀਪੂ ਤੇ ਜਾਣ ਸਮੇਂ ਖੱਜਲ ਕੁਆਰੀ ਦਾ ਸਾਹਮਣਾ ਕਰਨਾ ਪੈਂਦਾ ਸੀ ਪਰ ਹੁਣ ਸਰਕਾਰ ਘਰ-ਘਰ ਰਾਸ਼ਨ ਭੇਜ ਰਹੀ ਹੈ। ਇਸ ਮੌਕੇ ਉਹਨਾਂ ਨਾਲ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਸਥਾਨਕ ਆਗੂ ਹਾਜ਼ਰ ਸਨ।

## ਐਂਟੀ ਫਰਾਡ ਯੂਨਿਟ ਕਰੇਗਾ ਨਿੱਜੀ ਹਸਪਤਾਲਾਂ ਦਾ ਲੇਖਾ ਜੋਖਾ : ਸਿਵਲ ਸਰਜਨ ਡਾ. ਔਲਖ

ਲੁਧਿਆਣਾ, 19 ਫਰਵਰੀ (ਗਿਆਨ ਸਿੰਘ): ਸਿਵਲ ਸਰਜਨ ਲੁਧਿਆਣਾ ਡਾ. ਜਸਬੀਰ ਸਿੰਘ ਔਲਖ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਆਯੂਸਮਾਨ ਭਾਰਤ ਬੀਮਾ ਯੋਜਨਾ ਅਧੀਨ ਚੱਲ ਰਹੇ ਪ੍ਰਾਈਵੇਟ ਹਸਪਤਾਲਾਂ ਦਾ 20 ਅਗਸਤ 2019 ਤੋ 31 ਦਸੰਬਰ 2023 ਤੱਕ ਲੇਖਾ ਜੋਖਾ ਕੀਤਾ ਜਾਵੇਗਾ।



ਉਨਾਂ ਦੱਸਿਆ ਕਿ ਐਂਟੀ ਫਰਾਡ ਯੂਨਿਟ ਵੱਲੋਂ ਜ਼ਿਲ੍ਹਾ ਪੱਧਰ 'ਤੇ ਹਸਪਤਾਲਾਂ ਦੀ ਚੈਕਿੰਗ ਕੀਤੀ ਜਾਵੇਗੀ ਅਤੇ ਚੈਕਿੰਗ ਦੌਰਾਨ ਕਿਸੇ ਵੀ ਨਿੱਜੀ ਹਸਪਤਾਲ ਦਾ ਕੋਈ ਫਰਾਡ ਸਾਹਮਣੇ ਆਉਦਾ ਹੈ ਤਾਂ ਉਸ ਹਸਪਤਾਲ ਖਿਲਾਫ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਸਿਵਲ ਸਰਜਨ ਔਲਖ ਨੇ ਦੱਸਿਆ ਕਿ ਜ਼ਿਲ੍ਹੇ ਭਰ ਵਿਚ ਆਯੂਸਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਚੱਲ ਰਹੇ ਨਿੱਜੀ ਹਸਪਤਾਲਾਂ ਦਾ ਆਡਿਟ ਕਰਨ ਲਈ ਜਿਲ੍ਹਾ ਪੱਧਰ ਤੇ ਜ਼ਿਲ੍ਹਾ ਐਂਟੀ ਫਰਾਡ ਯੂਨਿਟ ਗਠਤ ਕੀਤਾ ਗਿਆ ਹੈ ਜਿਸਦੇ ਤਹਿਤ ਡਿਪਟੀ ਮੈਡੀਕਲ ਕਮਿਸਨਰ ਡਾ. ਅਮਰਜੀਤ ਕੌਰ ਨੂੰ ਜਿਲ੍ਹਾ ਐਂਟੀ ਫਰਾਡ ਯੂਨਿਟ ਦੀ ਚੇਅਰਪਰਸਨ ਨਿਯੁਕਤ ਕੀਤਾ ਗਿਆ ਹੈ, ਗਠਤ ਕੀਤੀ ਗਈ ਕਮੇਟੀ ਵਿਚ ਡਾ ਰੁਪਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਕੂੰਮਕਲਾ, ਡਾ. ਵ੍ਰਨ ਸੱਗੜ ਸੀਨੀਅਰ ਮੈਡੀਕਲ ਅਫਸਰ ਹਠੂਰ, ਗੁਰਪ੍ਰੀਤ ਕੌਰ ਜ਼ਿਲ੍ਹਾ ਕੋਆਡੀਨੇਟਰ ਸਟੇਟ ਹੈਲਥ ਏਜੰਸੀ ਪੰਜਾਬ, ਡਾ. ਸ਼ਿਵਾਨੀ ਮੈਡੀਕਲ ਅਫਸਰ ਵੀਡਾਲ ਟੀ ਪੀ ਏ ਅਤੇ ਜਿਲ੍ਹਾ ਕੋਆਡੀਨੇਟਰ ਵੀਡਾਲ ਟੀ ਪੀ ਏ ਨੂੰ ਬਤੌਰ ਮੈਂਬਰ ਸਾਮਲ ਕੀਤਾ ਗਿਆ ਹੈ। ਡਾ ਔਲਖ ਨੇ ਦੱਸਿਆ ਕਿ ਜਿਲ੍ਹਾ ਐਂਟੀ ਫਰਾਡ ਯੂਨਿਟ ਨੂੰ ਇਸ ਸਬੰਧੀ ਜਲਦ ਤੋ ਜਲਦ ਰਿਪੋਰਟ ਪੇਸ਼ ਕਰਨ ਦੀ ਹਦਾਇਤ ਕੀਤੀ ਗਈ ਹੈ।

## ਤਹਿਸੀਲਦਾਰ ਦੇ ਨਾਮ 'ਤੇ ਲੱਖ ਰੁਪਏ ਦੀ ਰਿਸ਼ਵਤ ਮੰਗਣ ਵਾਲਾ ਵਿਅਕਤੀ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫਤਾਰ

ਚੰਡੀਗੜ੍ਹ, 19 ਫਰਵਰੀ (ਗਿਆਨ ਸਿੰਘ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲ ਰਹੀ ਮੁਹਿੰਮ ਦੌਰਾਨ ਸੋਮਵਾਰ ਨੂੰ ਇੱਕ ਵਿਅਕਤੀ ਪਰਦੀਪ ਕੁਮਾਰ, ਵਾਸੀ ਖਲਵਾੜਾ ਕਾਲੋਨੀ, ਫਗਵਾੜਾ, ਜ਼ਿਲ੍ਹਾ ਕਪੂਰਥਲਾ ਨੂੰ ਤਹਿਸੀਲਦਾਰ ਅਤੇ ਮੈਨੇਜਰ ਫਰਦ ਕੇਂਦਰ ਫਗਵਾੜਾ ਦੇ ਨਾਮ 'ਤੇ ਇੱਕ ਲੱਖ ਰੁਪਏ ਦੀ ਰਿਸ਼ਵਤ ਮੰਗਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਓਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਵਿਰੁੱਧ ਇਹ ਮੁੱਕਦਮਾ ਤਹਿਸੀਲ ਫਗਵਾੜਾ ਦੇ ਪਿੰਡ ਮਾਧੋਪੁਰ ਦੇ ਵਸਨੀਕ ਮਨਜੀਤ ਸਿੰਘ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵਿਖੇ ਦਰਜ ਕਰਵਾਈ ਗਈ ਆਨਲਾਈਨ ਸ਼ਕਿਾਇਤ ਦੇ ਅਧਾਰ 'ਤੇ ਦਰਜ ਕੀਤਾ ਗਿਆ ਹੈ। ਉਸਨੇ ਅੱਗੇ ਦੱਸਿਆ ਕਿ ਸ਼ਕਿ-ਾਇਤਕਰਤਾ ਨੇ ਆਪਣੀ ਸ਼ਕਿਾਇਤ ਵਿੱਚ ਦੋਸ਼ ਲਗਾਇਆ ਹੈ ਕਿ ਉਸਦੀ ਪਤਨੀ ਨੇ ਜੱਦੀ ਜ਼ਮੀਨ ਦੇ ਵਿਰਾਸਤੀ ਇੰਤਕਾਲ ਸਬੰਧੀ ਇੱਕ ਦਰਖਾਸਤ ਤਹਿਸੀਲਦਾਰ ਨੂੰ ਦਿੱਤੀ ਹੈ ਜਿਸ ਨੇ ਉਹ ਅਰਜ਼ੀ ਸਬੰਧਤ ਪਟਵਾਰੀ ਨੂੰ ਭੇਜ ਦਿੱਤੀ ਹੈ ਪਰ ਉਪਰੋਕਤ ਮੁਲਜ਼ਮ ਇੱਸ ਕੇਸ ਵਿੱਚ ਇੱਕ ਲੱਖ ਰੁਪਏ ਦੀ ਮੰਗ ਕਰ ਰਿਹਾ ਹੈ ਕਿਉਂਕਿ ਉਸਨੇ ਸ਼ਕਿਾਇਤਕਰਤਾ ਨੂੰ ਕੰਮ ਨੇਪਰੇ ਚਾੜ੍ਹਨ ਦਾ ਭਰੋਸਾ ਦਿੰਦਿਆਂ ਕਿਹਾ ਹੈ ਕਿ ਇਸ ਸਬੰਧੀ ਤਹਿਸੀਲਦਾਰ ਅਤੇ ਫਰਦ ਕੇਂਦਰ ਦਾ ਮੈਨੇਜਰ ਇੱਕ ਲੱਖ ਰੁਪਏ ਰਿਸ਼ਵਤ ਮੰਗ ਰਹੇ ਹਨ। ਸ਼ਕਿਾਇਤਕਰਤਾ ਨੇ ਉਪਰੋਕਤ ਮੁਲਜ਼ਮ ਵੱਲੋਂ ਪੈਸਿਆਂ ਦੀ ਮੰਗ ਕਰਦੇ ਸਮੇਂ ਅਵਾਜ ਦੀ ਰਿਕਾਰਡਿੰਗ ਵੀ ਕਰ ਲਈ ਜੋ ਕਿ ਉਸਨੇ ਸਬੂਤ ਵਜੋਂ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤੀ।



# ਕਿਸਾਨਾਂ ਨੇ ਮਾਨਾਵਾਲ ਟੋਲ ਪਲਾਜ਼ਾ ਲੋਕਾਂ ਲਈ ਕਰਵਾਇਆ ਮੁਫ਼ਤ

ਚੰਡੀਗੜ੍ਹ, 19 ਫਰਵਰੀ (ਪੋਸਟ ਬਿਊਰੋ): ਵੱਖ-ਵੱਖ ਕਿਸਾਨ ਜੱਥੇਬੰਦੀਆਂ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੀਆਂ ਹਨ। ਹੁਣ ਤੱਕ ਤਿੰਨ ਕਿਸਾਨਾਂ ਦੀ ਮੌਤ ਵੀ ਹੋ ਚੁੱਕੀ ਹੈ। ਦੂਜੇ ਪਾਸੇ ਲਗਾਤਾਰ ਹੀ ਕਿਸਾਨ ਜਥੇਬੰਦੀਆਂ ਦੇ ਆਗੂਆਂ ਦੀ ਕੇਂਦਰ ਸਰਕਾਰ ਦੇ ਮੰਤਰੀਆਂ ਦੇ ਨਾਲ ਬੈਠਕ ਵੀ ਚੰਡੀਗੜ੍ਹ ਵਿੱਚ ਹੋਈ। ਇਸ ਦੌਰਾਨ ਹੁਣ ਕਿਸਾਨ ਜਥੇਬੰਦੀਆਂ ਵੱਲੋਂ ਪੂਰੇ ਪੰਜਾਬ 'ਚ ਵੱਖ-ਵੱਖ ਥਾਵਾਂ ਤੇ ਲੱਗੇ ਟੋਲ ਪਲਾਜ਼ੇ ਹੁਣ ਆਮ ਲੋਕਾਂ ਲਈ ਮੁਫ਼ਤ ਕਰਵਾਏ ਜਾ ਰਹੇ ਹਨ ।



ਜਿਸ ਦੇ ਚੱਲਦੇ ਅੰਮ੍ਰਿਤਸਰ ਦੇ ਮਾਨ-ਾਵਾਲਾ ਟੋਲ ਪਲਾਜ਼ਾ ਵੀ ਕਿਸਾਨਾਂ ਦੇ ਵੱਲੋਂ ਆਮ ਲੋਕਾਂ ਲਈ ਮੁਫ਼ਤ ਕਰਵਾਇਆ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਫਿਲਹਾਲ ਤਾਂ ਉਹਨਾਂ ਵੱਲੋਂ ਤਿੰਨ ਦਿਨ ਲਈ ਇਹ ਟੋਲ ਪਲਾਜ਼ੇ ਮੁਫ਼ਤ ਕਰਵਾਏ ਗਏ ਹਨ। ਜੇਕਰ ਕੇਂਦਰ ਸਰਕਾਰ ਨੇ ਉਹਨਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਜਿੰਨੀ ਦੇਰ ਤੱਕ ਦਿੱਲੀ ਵਾਲਾ ਪ੍ਰਦਰਸ਼ਨ ਚੱਲੇਗਾ ਉਨੀ ਦੇਰ ਕਿਸਾਨ ਵੀ ਪੰਜਾਬ ਦੇ ਅੰਦਰ ਟੋਲ ਪਲਾਜ਼ਿਆਂ 'ਤੇ ਬੈਠ ਕੇ ਆਮ ਲੋਕਾਂ ਲਈ ਟੋਲ ਪਲਾਜ਼ੇ ਮੁਫ਼ਤ ਕਰਵਾਉਣਗੇ।

ਉਨ੍ਹਾਂ ਕਿਹਾ ਕਿ ਕਿਸਾਨਾਂ 'ਤੇ ਦੋਸ਼ ਲੱਗ ਰਹੇ ਹਨ ਕਿ ਕਿਸਾਨਾਂ ਨੇ ਹਾਈਵੇ ਬੰਦ ਕਰਵਾਇਆ ਹੈ। ਜਦਕਿ ਹਾਈਵੇ ਹਰਿਆਣਾ ਪ੍ਰਸ਼ਾਸਨ ਤੇ ਹਰਿਆਣਾ ਪੁਲਿਸ ਵੱਲੋਂ ਕੀਤਾ ਗਿਆ ਹੈ . ਕਿਸਾਨ ਬਿਲਕੁਲ ਸ਼ਾਂਤਮਈ ਤਰੀਕੇ ਨਾਲ ਆਪਣੀਆਂ ਮੰਗਾਂ ਮਨਵਾਉਣ ਦੇ ਲਈ ਦਿੱਲੀ ਕੇਂਦਰ ਸਰਕਾਰ ਕੋਲ ਜਾ ਰਹੇ ਸਨ ਲੇਕਿਨ ਕੇਂਦਰ ਸਰਕਾਰ ਵੱਲੋਂ ਜਾਣ ਬੁਝ ਕੇ ਕਿਸਾਨਾਂ 'ਤੇ ਕਾਰਵਾਈ ਕੀਤੀ ਜਾ ਰਹੀ ਹੈ। ਇਸ ਦੌਰਾਨ ਕਿਸਾਨਾਂ ਨੇ ਕਿਹਾ ਕਿ ਜਦੋਂ ਤੱਕ ਉਹਨਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਉਹ ਇਸੇ ਤਰੀਕੇ ਹੀ ਟੋਲ ਪਲਾਜਿਆਂ ਦੇ ਉੱਪਰ ਪੰਜਾਬ ਦੇ ਪ੍ਰਦਰਸ਼ਨ ਕਰਦੇ ਰਹਿਣਗੇ। ਜੇਕਰ ਉਹਨਾਂ ਦੇ ਕਿਸਾਨ ਆਗੂਆਂ ਦਾ ਹੁਕਮ ਆਵੇਗਾ ਤੇ ਉਹ ਦਿੱਲੀ ਜ਼ਰੂਰ ਜਾਣਗੇ।







